SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.Switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 22* Issue 78** | **Thursday, April 20, 2023** | **Tel: 905-793-2202 | Fax: 905-793-2282 | news@punjabipost.ca** | ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਫੈਡਰਲ ਵਰਕਰਜ਼ ਵੱਲੋਂ ਹੜਤਾਲ ਸ਼ੁਰੂ, ਕਈ ਅਹਿਮ ਸੇਵਾਵਾਂ ਵਿੱਚ ਪੈ ਸਕਦਾ ਹੈ ਵਿਘਨ



ਓਟਵਾ, 19 ਅਪਰੈਲ (ਪੋਸਟ ਬਿਊਰੋ) : ਮੰਗਲਵਾਰ ਸ਼ਾਮ ਤੱਕ ਦਿੱਤੀ ਗਈ ਡੈੱਡਲਾਈਨ ਤੱਕ ਫੈਡਰਲ ਪਬਲਿਕ ਸੈਕਟਰ ਯੂਨੀਅਨ ਤੇ ਸਰਕਾਰ ਦਰਮਿਆਨ ਗੱਲਬਾਤ ਕਿਸੇ ਤਣ-ਪੱਤਣ ਨਾ ਲੱਗਣ ਕਾਰਨ 155,000 ਤੋਂ ਵੱਧ ਪਬਲਿਕ ਸਰਵੈਂਟਸ ਹੜਤਾਲ ਉੱਤੇ ਚਲੇ ਗਏ ਹਨ।

ਫੈਡਰਲ ਡਿਪਾਰਟਮੈਂਟਸ ਤੇ ਏਜੰਸੀਆਂ ਵੱਲੋਂ ਉਨ੍ਹਾਂ ਸੇਵਾਵਾਂ ਦੀ ਲਿਸਟ ਜਾਰੀ ਕੀਤੀ ਗਈ ਹੈ ਜਿਹੜੀ ਵਰਕਰਜ਼ ਦੇ ਹੜਤਾਲ ਉੱਤੇ ਜਾਣ ਕਾਰਨ ਪ੍ਰਭਾਵਿਤ ਹੋਣਗੀਆਂ। ਐਗਰੀਕਲਚਰ ਐਂਡ ਐਗਰੀ ਫੂਡ ਕੈਨੇਡਾ ਡਿਪਾਰਟਮੈਂਟ ਦਾ ਕਹਿਣਾ ਹੈ ਕਿ ਐਗਰੀਕਲਚਰ ਐਂਡ ਐਗਰੀ ਫੂਡ ਕੈਨੇਡਾ ਸੈਂਟਰ ਉੱਤੇ ਕਾਲ ਕਰਨ ਵਾਲਿਆਂ ਨੂੰ ਦਿੱਕਤ ਆ ਸਕਦੀ ਹੈ ਕਿਉਂਕਿ ਕਾਲ ਰਸੀਵ ਕਰਨ ਲਈ ਉੱਥੇ ਕੋਈ ਨਹੀਂ ਹੋਵੇਗਾ। ਜਿਨ੍ਹਾਂ ਸੇਵਾਵਾਂ ਵਿੱਚ ਵਿਘਣ ਪਵੇਗਾ ਜਾਂ ਜਿਨ੍ਹਾਂ ਵਿੱਚ ਦੇਰੀ ਆਵੇਗੀ ਉਨ੍ਹਾਂ ਵਿੱਚ ਅੱਗਰੀਇਨਵੈੱਸਟ, ਐਗਰੀਸਟੇਬਿਲਿਟੀ, ਦ ਪੋਲਟਰੀ ਐਂਡ ਐੱਗ ਆਨ-ਫਾਰਮ ਇਨਵੈਸਟਮੈਂਟ ਪ੍ਰੋਗਰਾਮ, ਦ ਵਾਈਨ ਸੈਕਟਰ ਸਪੋਰਟ ਪ੍ਰੋਗਰਾਮ, ਦ ਯੂਥ ਇੰਪਲੌਇਮੈਂਟ ਐਂਡ ਸਕਿੱਲਜ਼ ਪ੍ਰੋਗਰਾਮ ਤੇ ਸਸਟੇਨੇਬਲ ਕੈਨੇਡੀਅਨ ਐਗਰੀਕਲਚਰਲ ਪਾਰਟਨਰਸ਼ਿਪ ਪ੍ਰੋਗਰਾਮਜ਼ ਸ਼ਾਮਲ ਹਨ।

ਕੈਨੇਡਾ ਰੈਵਨਿਊ ਏਜੰਸੀ ਦੇ ਵਰਕਰਜ਼ ਵੀ ਇਸ ਦੌਰਾਨ ਹੜਤਾਲ ਉੱਤੇ ਰਹਿਣਗੇ। ਏਜੰਸੀ ਦਾ ਕਹਿਣਾ ਹੈ ਕਿ ਬੈਨੇਫਿਟ ਪੇਅਮੈਂਟਸ ਤੇ ਕੈਨੇਡੀਅਨ ਚਾਈਲਡ ਬੈਨੇਫਿਟ ਜਾਰੀ ਰਹਿਣਗੇ। ਸੀਆਰਏ ਵੱਲੋਂ ਲੋਕਾਂ ਨੂੰ ਆਪਣੇ ਟੈਕਸ ਆਨਲਾਈਨ ਭਰਵਾਉਣ ਲਈ ਹੱਲਾਸ਼ੇਰੀ ਦਿੱਤੀ ਜਾ ਰਹੀ ਹੈ। ਪ੍ਰੋਸੈਸਿੰਗ ਵਿੱਚ ਦੇਰ ਹੋਣ ਕਾਰਨ ਕੁੱਝ ਇਨਕਮ ਟੈਕਸ ਤੇ ਬੈਨੇਫਿਟ ਭਰੇ ਨਹੀਂ ਜਾ ਸਕਣਗੇ, ਖਾਸਤੌਰ ਉੱਤੇ ਜਿਹੜੇ ਕਾਗਜ਼ੀ ਕਾਰਵਾਈ ਰਾਹੀਂ ਭਰਵਾਏ ਗਏ ਹੋਣਗੇ। ਕਾਂਟੈਕਟਸ ਸੈਂਟਰਜ਼ ਉੱਤੇ ਵੀ ਉਡੀਕ ਦਾ ਸਮਾਂ ਵੱਧ ਸਕਦਾ ਹੈ। ਏਜੰਸੀ ਦਾ ਇਹ ਵੀ ਕਹਿਣਾ ਹੈ ਕਿ ਟੈਕਸ ਫਾਈਲ ਕਰਨ ਲਈ ਡੈੱਡਲਾਈਨ ਵਿੱਚ ਵਾਧਾ ਕਰਨ ਦੀ ਉਨ੍ਹਾਂ ਦੀ ਕੋਈ ਯੋਜਨਾ ਨਹੀਂ ਹੈ।

...ਬਾਕੀ ਪੰਨਾ 2 'ਤੇ

## ਗਰੌਸਰੀ ਰਿਬੇਟ ਸਬੰਧੀ ਬਿੱਲ ਸਰਬਸੰਮਤੀ ਨਾਲ ਹੋਇਆ ਪਾਸ



ਓਟਵਾ, 19 ਅਪਰੈਲ (ਪੋਸਟ ਬਿਊਰੋ) : ਸਾਰੀਆਂ ਪਾਰਟੀਆ ਵੱਲੋਂ ਕੀਤੇ ਗਏ ਜ਼ੋਰਦਾਰ ਸਮਰਥਨ ਤੋਂ ਬਾਅਦ ਫੈਡਰਲ ਸਰਕਾਰ ਦਾ ਗਰੌਸਰੀ ਰਿਬੇਟ ਬਿੱਲ ਤੇ ਪ੍ਰੋਵਿੰਸਾਂ ਤੇ ਟੈਰੇਟਰੀਜ਼ ਨੂੰ ਅਰਜੈਂਟ ਹੈਲਥ ਕੇਅਰ ਫੰਡਿੰਗ ਸਬੰਧੀ ਬਿੱਲ ਪੈਂਦੀ ਸੱਟੇ ਪਾਸ ਕਰ ਦਿੱਤਾ ਗਿਆ। ਬੁੱਧਵਾਰ ਨੂੰ ਇਹ ਬਿੱਲ ਹਾਊਸ ਆਫ ਕਾਮਨਜ਼ ਦੇ ਸਾਰੇ ਪੜਾਵਾਂ ਵਿੱਚੋਂ ਪਾਸ ਹੋ ਗਿਆ।

ਮਾਰਚ ਵਿੱਚ ਪੇਸ਼ ਕੀਤੇ ਗਏ ਇਸ ਬਿੱਲ ਕੌਸਟ ਆਫ ਲਿਵਿੰਗ ਰਲੀਫ ਐਕਟ ਨੰ. 3 ਜਲਦ ਤੋਂ ਜਲਦ ਪਾਸ ਕਰਨ ਤੋਂ ਐਮਪੀਜ਼ ਵੱਲੋਂ ਕੋਈ ਕਸਰ ਨਹੀਂ ਛੱਡੀ ਗਈ। ਇਸ ਤੋਂ ਭਾਵ ਇਹ ਹੈ ਕਿ ਹੁਣ ਇਹ ਬਿੱਲ ਜਲਦ ਹੀ ਕਾਨੂੰਨ ਦਾ ਰੂਪ ਲੈ ਲਵੇਗਾ। ਇਸ ਦੌਰਾਨ ਬਿੱਲ ਸੀ-46 ਤਹਿਤ ਫੈਡਰਲ ਪ੍ਰੋਵਿੰਸ਼ੀਅਲ ਫਿਸਕਲ ਅਰੇਂਜਮੈਂਟਸ ਐਕਟ ਵਿੱਚ ਸੋਧ ਕੀਤੀ ਗਈ ਤਾਂ ਕਿ ਆਪਣੇ ਹੈਲਥ ਕੇਅਰ ਸਿਸਟਮਜ਼ ਨੂੰ ਲੀਹ ਉੱਤੇ ਲਿਆਉਣ ਲਈ ਪ੍ਰੋਵਿੰਸਾਂ ਤੇ ਟੈਰੇਟਰੀਜ਼ ਨੂੰ ਫੰਡ ਮੁਹੱਈਆ ਕਰਵਾਏ ਜਾ ਸਕਣ। ਇਸ ਤਹਿਤ ਕੈਨੇਡਾ ਹੈਲਥ ਟਰਾਂਸਫਰ (ਸੀਐਚਟੀ) ਰਾਹੀਂ ਪ੍ਰੋਵਿੰਸਾਂ ਤੇ ਟੈਰੇਟਰੀਜ਼ ਨੂੰ 2 ਬਿਲੀਅਨ ਡਾਲਰ ਦੇ ਫੰਡ ਮੁਹੱਈਆ ਕਰਵਾਏ ਜਾਣਗੇ।

ਇਸ ਤਹਿਤ 11 ਮਿਲੀਅਨ ਘੱਟ ਤੇ ਦਰਮਿਆਨੀ ਆਮਦਨ ਵਾਲੇ ਕੈਨੇਡੀਅਨਜ਼ ਨੂੰ 2.5 ਬਿਲੀਅਨ ਡਾਲਰ ਗਰੌਸਰੀ ਰਿਬੇਟ ਵਜੋਂ ਦਿੱਤੇ ਜਾਣਗੇ। ਇਨ੍ਹਾਂ ਨੂੰ ਗਰੌਸਰੀ ਸਟੋਰਜ਼ ਉੱਤੇ ਖਰਚ ਕਰਨਾ ਹੀ ਸ਼ਰਤ ਨਹੀਂ ਹੋਵੇਗੀ। ਇਸ ਨੂੰ ਜੀਐਸਟੀ ਰਿਬੇਟ ਵਜੋਂ ਹੀ ਲਿਆ ਜਾ ਰਿਹਾ ਹੈ ਤੇ ਇਹ ਜੀਐਸਟੀ ਟੈਕਸ ਕ੍ਰੈਡਿਟ ਸਿਸਟਮ ਰਾਹੀਂ ਮੁਹੱਈਆ ਕਰਵਾਏ ਜਾਣਗੇ। ਇੱਕ ਵਾਰੀ ਇਹ ਬਿੱਲ ਪਾਸ ਹੋ ਜਾਣ ਤੋਂ ਬਾਅਦ ਯੋਗ ਜੋੜੇ, ਜਿਨ੍ਹਾਂ ਦੇ ਦੋ ਬੱਚੇ ਹਨ, ਉਨ੍ਹਾਂ ਨੂੰ 467 ਡਾਲਰ ਤੱਕ ਹਾਸਲ ਹੋਣਗੇ, ਜਦਕਿ ਯੋਗ ਸੀਨੀਅਰਜ਼ ਨੂੰ 225 ਡਾਲਰ ਹਾਸਲ ਹੋਣਗੇ ਤੇ ਯੋਗ ਸਿੰਗਲ ਵਿਅਕਤੀਆਂ ਨੂੰ 234 ਡਾਲਰ ਹਾਸਲ ਹੋਣਗੇ।

ਬਿੱਲ ਨੂੰ ਤੇਜ਼ੀ ਨਾਲ ਪਾਸ ਕਰਨ ਉੱਤੇ ਪ੍ਰਤੀਕਿਰਿਆ ਦਿੰਦਿਆਂ ਡਿਪਟੀ ਪ੍ਰਧਾਨ ਮੰਤਰੀ ਤੇ ਵਿੱਤ ਮੰਤਰੀ ਕ੍ਰਿਸਟੀਆ ਫਰੀਲੈਂਡ ਨੇ ਇਸ ਨੂੰ ਬਹੁਤ ਹੀ ਵਧੀਆ ਖਬਰ ਦੱਸਿਆ। ਉਨ੍ਹਾਂ ਆਖਿਆ ਕਿ ਹੁਣ ਬਿੱਲ ਸੀ-46 ਸੈਨੇਟ ਕੋਲ ਜਾਵੇਗਾ ਤੇ ਉਮੀਦ ਹੈ ਕਿ ਉੱਥੇ ਵੀ ਇਸ ਨੂੰ ਤੇਜ਼ੀ ਨਾਲ ਪਾਸ ਕਰ ਦਿੱਤਾ ਜਾਵੇਗਾ।

## 18 ਸਾਲਾ ਲੜਕੇ ਨੂੰ ਚਾਕੂ ਮਾਰਨ ਵਾਲਾ ਕਾਬੂ

ਟੋਰਾਂਟੋ, 19 ਅਪਰੈਲ (ਪੋਸਟ ਬਿਊਰੋ) : ਡਾਊਨਟਾਊਨ ਦੇ ਬਾਹਰਵਾਰ ਇੱਕ 18 ਸਾਲਾ ਲੜਕੇ ਨੂੰ ਚਾਕੂ ਮਾਰ ਕੇ ਜ਼ਖ਼ਮੀ ਕਰਨ ਵਾਲੇ ਮਸ਼ਕੂਕ ਨੂੰ ਟੋਰਾਂਟੋ ਪੁਲਿਸ ਵੱਲੋਂ ਗ੍ਰਿਫਤਾਰ ਕਰ ਲਿਆ ਗਿਆ। ਬੁੱਧਵਾਰ ਨੂੰ ਇੱਕ ਵਿਅਕਤੀ ਦੇ ਹੱਥ ਵਿੱਚ ਚਾਕੂ ਫੜ੍ਹ ਕੇ ਘੁੰਮਣ ਦੀਆਂ ਰਿਪੋਰਟਾਂ ਮਿਲਣ ਤੋਂ ਬਾਅਦ ਸਵੇਰੇ 11:30 ਵਜੇ ਦੇ ਨੇੜੇ ਤੇੜੇ ਕਾਸਾ ਲੋਮਾ ਨੇੜੇ ਸੇਂਟ ਕਲੇਅਰ ਐਵਨਿਊ ਵੈਸਟ ਤੇ ਟਵੀਡਸਮੁਈਰ ਐਵਨਿਊ ਵਿੱਚ ਪੁਲਿਸ ਨੂੰ ਸੱਦਿਆ ਗਿਆ। ਪੁਲਿਸ ਨੂੰ ਇੱਕ ਵਿਅਕਤੀ ਜ਼ਖ਼ਮੀ ਹਾਲਤ ਵਿੱਚ ਮਿਲਿਆ ਤੇ ਏਰੀਏ ਵਿੱਚੋਂ ਹੀ ਪੁਲਿਸ ਨੇ ਮਸ਼ਕੂਕ ਨੂੰ ਵੀ ਕਾਬੂ ਕਰ ਲਿਆ। ਟੋਰਾਂਟੋ ਪੁਲਿਸ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਛੁਰੇਬਾਜ਼ੀ ਸੇਂਟ ਕਲੇਅਰ ਐਵਨਿਊ ਵਿਖੇ ਲੋਬਲਾਅ ਦੇ ਬਾਹਰ ਹੋਈ। ਪੁਲਿਸ ਨੇ ਦੱਸਿਆ ਕਿ 18 ਸਾਲਾ ਜ਼ਖ਼ਮੀ ਲੜਕੇ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦੀ ਹਾਲਤ ਸਥਿਰ ਦੱਸੀ ਜਾਂਦੀ ਹੈ। 32 ਸਾਲਾ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

INSURANCE
Home, Auto, Business, Trucking, Life Insurance, Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
RANJIT GILL
Insurance Advisor
416-724-5000
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance

GURBIR CHAHAL
416.566.7605
gurbir.chahal@yahoo.com
ROYAL LePAGE Flower City Realty

ON TIME HEATING COOLING & REFRIGERATION
ac - furnance - heat pump - boilers - gasline - walk in cooler - water heater
Fully licensed team and govt. rebate upto $8,000
SAURAVDEEP SINGH: 226-332-4040

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Easter SALE
$299 $2,999 $299 $399 $4,499 $4,649
KitchenAid moffat MAYTAG LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axxel InsuranceBrokers Ltd. 1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance, Walkie pallet, Electric Motor, Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
- ਮੁਫਤ ਪਿਕਅਪ ਅਤੇ ਡਰਾਪ ਆਫ਼
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਫੈਡਰਲ ਵਰਕਰਜ਼ ਵੱਲੋਂ ਹੜਤਾਲ ਸ਼ੁਰੂ, ਕਈ ਅਹਿਮ ਸੇਵਾਵਾਂ ਵਿੱਚ ਪੈ ਸਕਦਾ ਹੈ ਵਿਘਨ

ਪੰਨਾ 1 ਦਾ ਬਾਕੀ

ਕੈਨੇਡੀਅਨ ਹੈਰੀਟੇਜ ਡਿਪਾਰਟਮੈਂਟ ਦਾ ਕਹਿਣਾ ਹੈ ਕਿ ਸਾਰੇ ਫੰਡਿੰਗ ਪ੍ਰੋਗਰਾਮਜ਼ ਮੇਨਟੇਨ ਕੀਤੇ ਜਾਣਗੇ ਪਰ ਅਰਜ਼ੀਆਂ ਸਬੰਧੀ ਰਸੀਦਾਂ ਦੇਣ, ਫੰਡਿੰਗ ਬਾਰੇ ਫੈਸਲੇ ਕਰਨ ਤੇ ਅਦਾਇਗੀਆਂ ਜਾਰੀ ਕਰਨ ਦਾ ਸਮਾਂ ਆਵੇਗਾ ਉਸ ਸਮੇਂ ਦੇਰ ਹੋ ਸਕਦੀ ਹੈ। ਫਿਸ਼ਰੀਜ਼ ਐਂਡ ਓਸ਼ਨਜ਼ ਕੈਨੇਡਾ ਐਂਡ ਦ ਕੈਨੇਡੀਅਨ ਕੋਸਟ ਗਾਰਡ ਵਿਭਾਗ ਦਾ ਕਹਿਣਾ ਹੈ ਕਿ ਫਿਸ਼ਰੀਜ਼ ਤੇ ਓਸ਼ਨਜ਼ ਕੰਜ਼ਰਵੇਸ਼ਨ ਐਂਡ ਪ੍ਰੋਟੈਕਸ਼ਨ ਪ੍ਰੋਗਰਾਮ, ਫਿਸ਼ਰੀ ਕਲੋਜ਼ਰਜ਼ ਨਾਲ ਸਬੰਧਤ ਹੈਲਥ ਐਂਡ ਸੇਫਟੀ, ਕੈਨੇਡੀਅਨ ਕੋਸਟ ਗਾਰਡ ਐਂਡ ਰੈਸਕਿਊ, ਐਨਵਾਇਰਮੈਂਟਲ ਰਿਸਪਾਂਸ ਐਂਡ ਆਈਸਬ੍ਰੇਕਿੰਗ ਸਰਵਿਸਿਜ਼ ਜਾਰੀ ਰਹਿਣਗੀਆਂ ਪਰ ਇਨ੍ਹਾਂ ਦੀ ਪ੍ਰਸ਼ਾਸਕੀ ਸਮਰੱਥਾ ਘਟਾ ਦਿੱਤੀ ਜਾਵੇਗੀ। ਕੈਨੇਡੀਅਨ ਕੋਸਟ ਗਾਰਡ ਲਾਈਟਹਾਊਸ, ਰੈਕਡ ਵੈਸਲਜ਼ ਤੇ ਫਿਸ਼ਰੀਜ਼ ਐਂਡ ਓਸ਼ਨਜ਼ ਵੱਲੋਂ ਲਾਇਸੰਸਿੰਗ ਤੇ ਫੰਡਿੰਗ ਪ੍ਰੋਗਰਾਮਾਂ ਵਿੱਚ ਵਿਘਨ ਪੈ ਸਕਦਾ ਹੈ।

ਕੈਨੇਡੀਅਨ ਟਰਾਂਸਪੋਰਟੇਸ਼ਨ ਏਜੰਸੀ ਨੇ ਦੱਸਿਆ ਕਿ ਉਨ੍ਹਾਂ ਦੇ ਨੈਸ਼ਨਲ ਟਰਾਂਸਪੋਰਟੇਸ਼ਨ ਸਿਸਟਮ ਨੂੰ ਚੱਲਦਾ ਰੱਖਿਆ ਜਾਵੇਗਾ ਪਰ ਕੁੱਝ ਸੇਵਾਵਾਂ ਵਿੱਚ ਵਿਘਣ ਪੈ ਸਕਦਾ ਹੈ। ਕ੍ਰਾਊਨ ਇੰਡੀਜੀਨਸ ਰਿਲੇਸ਼ਨਜ਼ ਐਂਡ ਨੌਰਦਰਨ ਅਫੇਅਰਜ਼ ਕੈਨੇਡਾ ਦੀਆਂ ਜ਼ਰੂਰੀ ਸੇਵਾਵਾਂ ਜਿਵੇਂ ਕਿ ਰੈਜ਼ੀਡੈਂਸ਼ੀਅਲ ਸਕੂਲ ਕ੍ਰਾਈਸਿਜ਼, ਹੰਟਿੰਗ ਲਈ ਮਦਦ, ਹਾਰਵੈਸਟਿੰਗ ਤੇ ਕਮਿਊਨਿਟੀ ਦੀ ਅਗਵਾਈ ਵਾਲੇ ਫੂਡ ਪ੍ਰੋਗਰਾਮ, ਰੀਟੇਲ ਸਬਸਿਡੀ, ਟਰੀਟੀ ਤੇ ਨੈਗੋਸਿਏਸ਼ਨ ਜਾਰੀ ਰੱਖੀਆਂ ਜਾਣਗੀਆਂ ਪਰ ਕਿਤੇ ਕਿਤੇ ਇਨ੍ਹਾਂ ਵਿੱਚ ਅੜਿੱਕਾ ਪੈ ਸਕਦਾ ਹੈ।

ਇੰਪਲੌਇਮੈਂਟ ਐਂਡ ਸੋਸ਼ਲ ਡਿਵੈਲਪਮੈਂਟ ਕੈਨੇਡਾ ਅਨੁਸਾਰ ਜ਼ਰੂਰੀ ਸੇਵਾਵਾਂ ਜਿਵੇਂ ਕਿ ਕੈਨੇਡਾ ਪੈਨਸ਼ਨ ਪਲੈਨ, ਓਲਡ ਏਜ ਸਕਿਊਰਿਟੀ, ਇੰਪਲੌਇਮੈਂਟ ਇੰਸ਼ੋਰੈਂਸ ਤੇ ਸੋਸ਼ਲ ਇੰਸ਼ੋਰੈਂਸ ਨੰਬਰ ਜਾਰੀ ਰੱਖੀਆਂ ਜਾਣਗੀਆਂ। ਇਨ ਪਰਸਨ ਸਰਵਿਸਿਜ਼ ਜਿਹੜੀਆਂ ਸਰਵਿਸ ਕੈਨੇਡਾ ਸੈਂਟਰਜ਼ ਉੱਤੇ ਦਿੱਤੀਆਂ ਜਾਂਦੀਆਂ ਹਨ, ਉਨ੍ਹਾਂ ਕਲਾਇੰਟਸ ਨੂੰ ਹੀ ਦਿੱਤੀਆਂ ਜਾਣਗੀਆਂ ਜਿਨ੍ਹਾਂ ਨੂੰ ਉੱਪਰ ਦੱਸੀਆਂ ਸੇਵਾਵਾਂ ਵਿੱਚ ਕਿਸੇ ਕਿਸਮ ਦੀ ਮਦਦ ਚਾਹੀਦੀ ਹੋਵੇਗੀ। ਸੇਵਾਵਾਂ ਵਿੱਚ ਦੇਰ ਹੋਣ ਦੀ ਚੇਤਾਵਨੀ ਵੀ ਡਿਪਾਰਟਮੈਂਟ ਵੱਲੋਂ ਦਿੱਤੀ ਗਈ। ਪਾਸਪੋਰਟਸ ਦੀ ਡਲਿਵਰੀ ਸਿਰਫ ਉਨ੍ਹਾਂ ਕਲਾਇੰਟਸ ਨੂੰ ਹੀ ਕੀਤੀ ਜਾਵੇਗੀ ਜਿਨ੍ਹਾਂ ਨੂੰ ਕੋਈ ਐਮਰਜੰਸੀ ਹੈ। ਟੈਂਪਰੇਰੀ ਫੌਰਨ ਵਰਕਰ ਪ੍ਰੋਗਰਾਮ, ਦ ਕੈਨੇਡਾ ਐਜੂਕੇਸ਼ਨ ਸੇਵਿੰਗਜ਼ ਬੌਂਡ, ਦ ਕੈਨੇਡਾ ਡਿਸਐਬਿਲਿਟੀ ਸੇਵਿੰਗਜ਼ ਗ੍ਰਾਂਟ ਤੇ ਦ ਕੈਨੇਡਾ ਡਿਸਐਬਿਲਿਟੀ ਸੇਵਿੰਗਜ਼ ਬਾਂਡ ਪ੍ਰੋਗਰਾਮਾਂ ਵਿੱਚ ਅੰਸ਼ਕ ਦੇਰ ਹੋ ਸਕਦੀ ਹੈ।

ਗਲੋਬਲ ਅਫੇਅਰਜ਼ ਕੈਨੇਡਾ ਵੱਲੋਂ ਜ਼ਰੂਰੀ ਸੇਵਾਵਾਂ ਬਹਾਲ ਰੱਖੀਆਂ ਜਾਣਗੀਆਂ। ਇਨ੍ਹਾਂ ਵਿੱਚ ਟਰੈਵਲ ਐਡਵਾਈਜ਼ਰੀ, ਦ ਐਜੂਕੈਨੇਡਾ ਪ੍ਰੋਗਰਾਮ ਤੇ ਇੰਟਰਨੈਸ਼ਨਲ ਸਕਾਲਰਸ਼ਿਪਸ ਪ੍ਰੋਗਰਾਮ ਸ਼ਾਮਲ ਹਨ। ਮਿਸ਼ਨਜ਼ ਅਬਰੌਡ, ਡੌਕਿਊਮੈਂਟ ਆਥੈਂਟੀਕੇਸ਼ਨ ਸਰਵਿਸਿਜ਼, ਇੰਪੋਰਟ ਐਂਡ ਐਕਸਪੋਰਟ ਪਰਮਿਟਸ, ਦ ਕੈਨਐਕਸਪੋਰਟ ਪ੍ਰੋਗਰਾਮ ਤੇ ਇੰਟਰਨੈਸ਼ਨਲ ਅਸਿਸਟੈਂਸ ਪ੍ਰੋਗਰਾਮਿੰਗ ਅੰਸ਼ਕ ਜਾਂ ਮੁਕੰਮਲ ਤੌਰ ਉੱਤੇ ਪ੍ਰਭਾਵਿਤ ਹੋ ਸਕਦੀਆਂ ਹਨ।

ਇਮੀਗ੍ਰੇਸ਼ਨ, ਰਫਿਊਜੀਜ਼ ਐਂਡ ਸਿਟੀਜ਼ਨਸ਼ਿਪ ਕੈਨੇਡਾ ਦੀਆਂ ਬਹੁਤੀਆਂ ਸੇਵਾਵਾਂ ਵਿੱਚ ਦੇਰ ਹੋਣ ਦੀ ਸੰਭਾਵਨਾ ਹੈ। ਇਨ੍ਹਾਂ ਵਿੱਚ ਅਰਜ਼ੀਆਂ ਦੀ ਪ੍ਰੋਸੈਸਿੰਗ, ਇਨ-ਪਰਸਨ ਅਪੁਆਇੰਟਮੈਂਟਸ ਤੇ ਸਿਟੀਜ਼ਨਸ਼ਿਪ ਸੈਰੇਮਨੀਜ਼, ਪਾਸਪੋਰਟ ਸਰਵਿਸਿਜ਼ ਤੇ ਡਿਪਾਰਟਮੈਂਟ ਨਾਲ ਸੰਪਰਕ ਕਰਨਾ ਆਦਿ ਸ਼ਾਮਲ ਹੈ। ਆਰਗੇਨਾਈਜ਼ੇਸ਼ਨ ਤੋਂ ਬਾਹਰ ਪੇਸ਼ ਕੀਤੀਆਂ ਜਾਣ ਵਾਲੀਆਂ ਸੇਵਾਵਾਂ ਅਜੇ ਵੀ ਉਪਲਬਧ ਰਹਿਣਗੀਆਂ ਤੇ ਇਸ ਦੇ ਨਾਲ ਹੀ ਆਨਲਾਈਨ ਐਪਲੀਕੇਸ਼ਨਜ਼, ਅਕਾਊਂਟਸ ਤੇ ਐਮਰਜੰਸੀ ਸਰਵਿਸਿਜ਼ ਵੀ ਮੇਨਟੇਨ ਕੀਤੀਆਂ ਜਾਣਗੀਆਂ।

ਇੰਡੀਜੀਨਸ ਸਰਵਿਸਿਜ਼ ਕੈਨੇਡਾ ਦੀਆਂ ਬਹੁਤੀਆਂ ਸੇਵਾਵਾਂ ਜਾਰੀ ਰੱਖੀਆਂ ਜਾਣਗੀਆਂ ਪਰ ਡਿਪਾਰਟਮੈਂਟ ਦਾ ਕਹਿਣਾ ਹੈ ਕਿ ਲੇਬਰ ਦੇ ਕੰਮਕਾਜ ਵਿੱਚ ਵਿਘਣ ਪੈਣ ਨਾਲ ਇਨ੍ਹਾਂ ਸੇਵਾਵਾਂ ਵਿੱਚ ਦੇਰ ਹੋ ਸਕਦੀ ਹੈ। ਲਾਇਬ੍ਰੇਰੀ ਐਂਡ ਆਰਕਾਈਵਜ਼ ਕੈਨੇਡਾ ਦੇ ਓਟਵਾ, ਵੈਨਕੂਵਰ, ਵਿਨੀਪੈਗ ਤੇ ਹੈਲੀਫੈਕਸ ਵਿਚਲੇ ਸਰਵਿਸ ਪੁਆਇੰਟਸ ਉੱਤੇ ਸੇਵਾਵਾਂ ਜਾਰੀ ਰਹਿਣ ਦੇ ਨਾਲ ਨਾਲ ਕੈਨੇਡਾ ਸਰਕਾਰ, ਗੈਲਰੀਜ਼, ਲਾਇਬ੍ਰੇਰੀਜ਼, ਆਰਕਾਈਵਜ਼ ਤੇ ਮਿਊਜ਼ੀਅਮਜ਼ ਨੂੰ ਵੀ ਮੇਨਟੇਨ ਕੀਤਾ ਜਾਵੇਗਾ। ਆਰਕਾਈਵਲ ਮਟੀਰੀਅਲ ਤੇ ਪਬਲਿਸ਼ਡ ਮਟੀਰੀਅਲ ਆਰਡਰ ਕਰਨ, ਕਾਪੀਜ਼ ਤਿਆਰ ਕਰਨ, ਜਾਣਕਾਰੀ ਤੱਕ ਪਹੁੰਚ ਲਈ ਅਰਜ਼ੋਈ ਕਰਨ, ਲਾਇਸੰਸਿੰਗ ਤੇ ਕਾਪੀਰਾਈਟ ਬੇਨਤੀ ਕਰਨ ਤੇ ਪਬਲਿਸ਼ਰਜ਼ ਨੂੰ ਦਿੱਤੀਆਂ ਜਾਣ ਵਾਲੀਆਂ ਸੇਵਾਵਾਂ ਵਿੱਚ ਦੇਰ ਹੋ ਸਕਦੀ ਹੈ।

ਇਸ ਤੋਂ ਇਲਾਵਾ ਪਬਲਿਕ ਸਰਵਿਸਿਜ਼ ਐਂਡ ਪ੍ਰੋਕਿਓਰਮੈਂਟ ਕੈਨੇਡਾ ਵੱਲੋਂ ਸਾਰੀਆਂ ਸੇਵਾਵਾਂ ਮੇਨਟੇਨ ਕੀਤੀਆਂ ਜਾਣਗੀਆਂ ਪਰ ਫੋਨ ਦੀ ਮਦਦ ਨਾਲ ਡਾਇਰੈਕਟ ਡਿਪਾਜ਼ਿਟ ਤੇ ਸਕਿਊਰਿਟੀ ਸਕਰੀਨਿੰਗ ਵਿੱਚ ਮੁਕੰਮਲ ਜਾਂ ਅੰਸ਼ਕ ਵਿਘਣ ਪੈ ਸਕਦਾ ਹੈ। ਰੌਇਲ ਕੈਨੇਡੀਅਨ ਮਾਊਂਟਿਡ ਪੁਲਿਸ ਦੀਆਂ ਰੈਗੂਲਰ ਪੁਲਿਸ ਸੇਵਾਵਾਂ ਦੇਸ਼ ਭਰ ਵਿੱਚ ਜਾਰੀ ਰਹਿਣਗੀਆਂ। ਪਰ ਪ੍ਰਸ਼ਾਸਕੀ ਸਪੋਰਟ, ਮੀਡੀਆ ਰਿਲੇਸ਼ਨਜ਼, ਵੈੱਬ ਅਪਡੇਟਜ਼ ਤੇ ਆਰਸੀਐਮਪੀ ਬਿਲਡਿੰਗਜ਼ ਤੱਕ ਪਹੁੰਚ ਵਿੱਚ ਅੜਿੱਕਾ ਆ ਸਕਦਾ ਹੈ। ਟਰਾਂਸਪੋਰਟ ਕੈਨੇਡਾ ਦੀਆਂ ਜ਼ਰੂਰੀ ਸੇਵਾਵਾਂ ਵੀ ਮੇਨਟੇਨ ਕੀਤੀਆਂ ਜਾਣਗੀਆਂ। ਪਰ ਪਬਲਿਕ ਆਊਟਰੀਚ, ਰੈਗੂਲੇਟਰੀ ਵਰਕ, ਏਅਰਕ੍ਰਾਫਟ ਸਰਵਿਸਿਜ਼, ਇਸ਼ੂਐਂਸ ਆਫ ਲਾਇਸੰਸਿਜ਼, ਸਰਟੀਫਿਕੇਟਸ ਐਂਡ ਰਜਿਸਟ੍ਰੇਸ਼ਨਜ਼, ਟਰਾਂਸਪੋਰਟੇਸ਼ਨ ਸਕਿਊਰਿਟੀ ਕਲੀਅਰੈਂਸਿਜ਼ ਤੇ ਹੋਰ ਮੋਟਰ ਵ੍ਹੀਕਲ ਸੇਫਟੀ ਹਾਟਲਾਈਨਜ਼ ਵਰਗੀਆਂ ਸੇਵਾਵਾਂ ਵਿੱਚ ਅੰਸ਼ਕ ਤੌਰ ਉੱਤੇ ਜਾਂ ਪੂਰੀ ਤਰ੍ਹਾਂ ਵਿਘਣ ਪੈ ਸਕਦਾ ਹੈ।

ਵੈਟਰਨਜ਼ ਅਫੇਅਰਜ਼ ਕੈਨੇਡਾ ਦੀ ਵੈਟਰਨਜ਼ ਨੂੰ ਦਿੱਤੀਆਂ ਜਾਣ ਵਾਲੀਆਂ ਪੀਰੀਆਡਿਕ ਪੇਅਮੈਂਟਸ ਬਿਨਾਂ ਵਿਘਣ ਜਾਰੀ ਰਹਿਣਗੀਆਂ। ਇਸ ਵਿੱਚ ਡਿਸਐਬਿਲਿਟੀ ਬੈਨੇਫਿਟਸ, ਇਨਕਮ ਰੀਪਲੇਸਮੈਂਟ ਬੈਨੇਫਿਟਸ ਤੇ ਪੇਨ ਤੇ ਤਕਲੀਫ ਲਈ ਵਾਧੂ ਮੁਆਵਜ਼ਾ ਆਦਿ ਜਾਰੀ ਰਹੇਗਾ। ਨਵੀਆਂ ਪੇਅਮੈਂਟਸ ਨੂੰ ਪ੍ਰੋਸੈੱਸ ਕਰਨ ਵਿੱਚ ਅੜਿੱਕਾ ਆ ਸਕਦਾ ਹੈ।

## ਅੱਜ ਨਾਮਾ

ਖੁਸ਼ੀ ਵਾਲੀ ਇਹ ਗੱਲ ਜਾਂ ਫਿਕਰ ਵਾਲੀ,
ਪਿੱਛੇ ਚੀਨ ਨੂੰ ਭਾਰਤ ਗਿਆ ਛੱਡ ਮੀਆਂ।
ਆਬਾਦੀ ਭਾਰਤ ਦੀ ਵਧੀ ਹੈ ਸਾਰਿਆਂ ਤੋਂ,
ਦਿੱਤੀ ਹੈ ਝੰਡੀ ਸੰਸਾਰ ਵਿੱਚ ਗੱਡ ਮੀਆਂ।
ਭੋਖੜੇ ਕੱਟਣ ਪਏ ਹਾਲੇ ਤੱਕ ਲੋਕ ਕਿੰਨੇ,
ਸੋਚਣ ਵਾਲਾ ਇਹ ਮੁੱਦਾ ਈ ਅੱਡ ਮੀਆਂ।
ਮਸਲਾ ਰੋਟੀ ਨਹੀਂ ਛੱਤ ਦਾ ਹੱਲ ਹੋਇਆ,
ਜਨਤਾ ਵਿੰਹਦੀ ਆ ਅੱਖਾਂ ਨੂੰ ਟੱਡ ਮੀਆਂ।
ਗਿਣਤੀ ਸਿਰਾਂ ਦੀ ਵਿੱਚ ਹਾਂ ਅਸੀਂ ਮੋਹਰੀ,
ਮਸਲੇ ਹੱਲ ਨਹੀਂ ਜਾਂਦੇ ਕਈ ਕਰੇ ਮੀਆਂ।
ਮਾਣਦੇ ਮਹਿਲਾਂ ਦੇ ਸੁਖ ਆ ਰਾਜ-ਕਰਤੇ,
ਮਰਦੀ ਜਨਤਾ ਤਾਂ ਭੁੱਖ ਨਾਲ ਮਰੇ ਮੀਆਂ।

**ਤੀਸ ਮਾਰ ਖਾਂ**

## ਸਕੂਲ ਨੂੰ ਧਮਕੀਆਂ ਦੇਣ ਵਾਲੇ 14 ਸਾਲਾ ਲੜਕੇ ਨੂੰ ਕੀਤਾ ਗਿਆ ਚਾਰਜ

ਟੋਰਾਂਟੋ, 19 ਅਪਰੈਲ (ਪੋਸਟ ਬਿਊਰੋ) : ਟੋਰਾਂਟੋ ਦੇ ਫੌਰੈਸਟ ਹਿੱਲ ਇਲਾਕੇ ਵਿੱਚ ਜੂਨੀਅਰ ਤੇ ਸੀਨੀਅਰ ਪਬਲਿਕ ਸਕੂਲ ਨੂੰ ਕਥਿਤ ਤੌਰ ਉੱਤੇ ਧਮਕੀਆਂ ਦੇਣ ਵਾਲੇ 14 ਸਾਲਾ ਲੜਕੇ ਨੂੰ ਚਾਰਜ ਕੀਤਾ ਗਿਆ ਹੈ। ਬੁੱਧਵਾਰ ਨੂੰ ਫੌਰੈਸਟ ਹਿੱਲ ਜੂਨੀਅਰ ਤੇ ਸੀਨੀਅਰ ਪਬਲਿਕ ਸਕੂਲ ਨੂੰ ਦਿੱਤੀਆਂ ਧਮਕੀਆਂ ਦੀ ਜਾਣਕਾਰੀ ਮਿਲਣ ਤੋਂ ਬਾਅਦ ਪੁਲਿਸ ਤੁਰੰਤ ਹਰਕਤ ਵਿੱਚ ਆਈ। ਇਨ੍ਹਾਂ ਧਮਕੀਆਂ ਕਾਰਨ ਸਕੂਲ ਨੂੰ ਹੋਲਡ ਤੇ ਸਕਿਓਰ ਜਾਂ ਲਾਕਡਾਊਨ ਵਿੱਚ ਰੱਖਿਆ ਗਿਆ ਹੋਵੇ ਇਸ ਬਾਰੇ ਕੋਈ ਸੰਕੇਤ ਨਹੀਂ ਮਿਲੇ। ਪਰ ਬਾਅਦ ਵਿੱਚ ਜਾਨੋਂ ਮਾਰਨ ਜਾਂ ਸ਼ਰੀਰਕ ਨੁਕਸਾਨ ਪਹੁੰਚਾਉਣ ਦੀਆਂ ਧਮਕੀਆਂ ਦੇਣ ਵਾਲੇ 14 ਸਾਲਾ ਲੜਕੇ ਨੂੰ ਪੁਲਿਸ ਵੱਲੋਂ ਚਾਰਜ ਕੀਤਾ ਗਿਆ। ਇਸ ਲੜਕੇ ਨੂੰ ਵੀਰਵਾਰ ਨੂੰ ਅਦਾਲਤ ਸਾਹਮਣੇ ਪੇਸ਼ ਕੀਤਾ ਜਾਵੇਗਾ। ਕਿਸੇ ਨੂੰ ਕਿਸੇ ਕਿਸਮ ਦਾ ਨੁਕਸਾਨ ਪਹੁੰਚਣ ਦੀ ਕੋਈ ਖਬਰ ਨਹੀਂ ਹੈ।

## ਚਾਰ ਗੱਡੀਆਂ ਆਪਸ ਵਿੱਚ ਟਕਰਾਈਆਂ, ਮਹਿਲਾ ਹਲਾਕ, 2 ਜ਼ਖ਼ਮੀ

ਇਟੋਬੀਕੋ, 19 ਅਪਰੈਲ (ਪੋਸਟ ਬਿਊਰੋ) : ਉੱਤਰੀ ਇਟਬੀਕੋ ਵਿੱਚ ਰਾਤ ਸਮੇਂ ਚਾਰ ਗੱਡੀਆਂ ਵਿਚਾਲੇ ਹੋਈ ਟੱਕਰ ਵਿੱਚ ਇੱਕ ਮਹਿਲਾ ਦੀ ਮੌਤ ਹੋ ਗਈ। ਇਹ ਹਾਦਸਾ ਮੰਗਲਵਾਰ ਨੂੰ ਰਾਤੀਂ 11:00 ਵਜੇ ਫਿੰਚ ਐਵਨਿਊ ਵੈਸਟ ਤੇ ਐਲਬੀਅਨ ਰੋਡ ਦੇ ਇੰਟਰਸੈਕਸ਼ਨ ਉੱਤੇ ਰੈਕਸਡੇਲ ਵਿੱਚ ਵਾਪਰਿਆ। ਟੋਰਾਂਟੋ ਪੁਲਿਸ ਨੇ ਦੱਸਿਆ ਕਿ ਹਾਦਸੇ ਵਿੱਚ ਇੱਕ ਮਹਿਲਾ, ਜਿਸ ਦੀ ਉਮਰ 65 ਸਾਲ ਦੇ ਨੇੜੇ ਤੇੜੇ ਸੀ, ਦੀ ਮੌਕੇ ਉੱਤੇ ਹੀ ਮੌਤ ਹੋ ਗਈ। ਪੁਲਿਸ ਨੇ ਦੱਸਿਆ ਕਿ ਦੋ ਹੋਰ ਬਾਲਗਾਂ ਨੂੰ ਵੀ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਜਾਂਚਕਾਰਾਂ ਨੇ ਦੱਸਿਆ ਕਿ ਇਸ ਹਾਦਸੇ ਦਾ ਮੁੱਖ ਕਾਰਨ ਸ਼ਰਾਬ ਪੀ ਕੇ ਗੱਡੀ ਚਲਾਉਣਾ ਹੋ ਸਕਦਾ ਹੈ। ਇਸ ਸਬੰਧ ਵਿੱਚ ਇੱਕ ਵਿਅਕਤੀ ਖਿਲਾਫ ਚਾਰਜਿਜ਼ ਪੈਂਡਿੰਗ ਪਏ ਹਨ। ਪੁਲਿਸ ਵੱਲੋਂ ਕਿਸੇ ਹੋਰ ਮਸ਼ਕੂਕ ਦੀ ਭਾਲ ਨਹੀਂ ਕੀਤੀ ਜਾ ਰਹੀ। ਕੁੱਝ ਸਮੇਂ ਲਈ ਫਿੰਚ ਐਵਨਿਊ ਵੈਸਟ ਤੇ ਐਲਬੀਅਨ ਰੋਡ ਦੇ ਇੰਟਰਸੈਕਸ਼ਨ ਨੂੰ ਚਾਰੇ ਪਾਸਿਆਂ ਤੋਂ ਬੰਦ ਕਰ ਦਿੱਤਾ ਗਿਆ ਸੀ ਪਰ ਬਾਅਦ ਵਿੱਚ ਇਸ ਨੂੰ ਖੋਲ੍ਹ ਦਿੱਤਾ ਗਿਆ।






















# ਖਾਲਸਾ ਸਾਜਨਾ ਦਿਵਸ (ਵਿਸਾਖੀ) ਨੂੰ ਨੈਸ਼ਨਲ ਸਿੱਖ ਡੇ ਵਜੋਂ ਮਾਨਤਾ ਦੇਣ ਲਈ ਯੂਟਾ ਦੇ ਗਵਰਨਰ ਵਲੋਂ ਘੋਸ਼ਣਾ ਪੱਤਰ ਜਾਰੀ, ਵਿਧਾਨ ਸਭਾ ਵਲੋਂ ਸਾਂਝਾ ਮਤਾ ਕੀਤਾ ਗਿਆ ਪਾਸ






ਯੂਟਾ, 19 ਅਪ੍ਰੈਲ (ਪੋਸਟ ਬਿਊਰੋ): ਅੱਜ ਦੁਨੀਆ ਭਰ ਵਿਚ ਵਸਦੇ ਸਿਖਾਂ ਲਈ ਅਮਰੀਕਾ ਤੋਂ ਇਕ ਹੋਰ ਮਾਣ ਵਧਾਉਣ ਵਾਲੀ ਖੁਸ਼ੀ ਦੀ ਖ਼ਬਰ ਆਈ ਜਦੋਂ ਯੂਟਾ ਸਟੇਟ ਦੀ ਸੈਨੇਟ ਅਤੇ ਅਸੰਬਲੀ ਨੇ ਇਕ ਸਾਂਝਾ ਮਤਾ ਪਾਸ ਕਰਕੇ ਹਰ ਸਾਲ 14 ਅਪ੍ਰੈਲ ਨੂੰ ਸਿੱਖ ਡੇ ਵਜੋਂ ਮਾਨਤਾ ਦਿਤੀ। ਇਸੇ ਤਰਾਂ ਯੂਟਾ ਦੇ ਗਵਰਨਰ ਸਪੈਂਸਰ ਜੇ ਕੋਕਸ ਨੇ ਵਿਸਾਖੀ ਨੂੰ ਸਿੱਖ ਡੇ ਦਾ ਐਲਾਨ ਕਰਦਿਆਂ ਘੋਸ਼ਣਾ ਪੱਤਰ ਜਾਰੀ ਕੀਤਾ।
ਇਸ ਸੰਬੰਧੀ ਯੂਟਾ ਸਟੇਟ ਦੀ ਵਿਧਾਨ ਸਭਾ ਵਿਚ ਇਕ ਵਿਸ਼ੇਸ਼ ਸਮਾਗਮ ਦਾ ਪ੍ਰਬੰਧ ਕੀਤਾ ਗਿਆ, ਜਿਥੇ ਕੇ ਪਾਸ ਕੀਤੇ ਗਏ ਦੋਵਾਂ ਮਤਿਆਂ ਵਿਚ ਕਿਹਾ ਗਿਆ ਹੈ ਕੇ ਸਿੱਖ ਧਰਮ ਦੁਨੀਆ ਦਾ ਪੰਜਵਾਂ ਵੱਡਾ ਧਰਮ ਹੈ ਜਿਸ ਦੇ 30 ਮਿਲੀਅਨ ਲੋਕਾਂ ਵਿਚੋਂ ੫ ਲੱਖ ਤੋਂ ਵੱਧ ਅਮਰੀਕਾ ਵਿਚ ਰਹਿੰਦੇ ਹਨ, ਅਤੇ ਵਿਸਾਖੀ ਸਿਖਾਂ ਦੇ ਸਭ ਤੋਂ ਮਹੱਤਵਪੂਰਨ ਤਿਓਹਾਰਾਂ ਵਿਚੋਂ ਇਕ ਹੈ। ਇਸ ਸਾਲ 2023 ਵਿਚ ਜਦੋਂ ਸਿੱਖ ਧਰਮ ਦੇ ਬਾਨੀ ਗੁਰੂ ਨਾਨਕ ਸਾਹਿਬ ਦਾ 554 ਵਾਂ ਪ੍ਰਕਾਸ਼ ਦਿਹਾੜਾ ਹੈ ਜੋ ਕੇ ਦੁਨੀਆ ਭਰ ਵਿਚ ਵੱਡੇ ਪੱਧਰ ਤੇ ਮਨਾਇਆ ਜਾਂਦਾ ਹੈ। ਇਸ ਤੋਂ ਅੱਗੇ ਸਿਖਾਂ ਵਲੋਂ ਸਮਾਜਿਕ, ਸੱਭਿਆਚਾਰਕ, ਆਰਥਿਕ ਖੇਤਰਾਂ ਵਿਚ ਪਾਏ ਯੋਗਦਾਨ ਨੂੰ ਦਰਸਾਉਂਦਿਆਂ ਨਾਲ ਹੀ ਸਿੱਖਾਂ ਵਲੋਂ ਅਮਰੀਕੀ ਫੌਜ, ਟੈਕਨੋਲੋਜੀ, ਖੇਤੀਬਾੜੀ, ਵਪਾਰ, ਟਰੱਕਿੰਗ, ਸਿਹਤ ਸੇਵਾਵਾਂ ਵਿਚ ਵੱਧ ਚੜ੍ਹ ਕੇ ਪਾਏ ਯੋਗਦਾਨ ਦੀ ਸਰਾਹਨਾ ਕੀਤੀ ਗਈ ਹੈ। ਸਿੱਖ ਫਲਸਫੇ ਵਿਚ ਮਨੁੱਖਤਾ ਨਾਲ ਪਿਆਰ, ਬਰਾਬਰੀ, ਸਹਿਣਸ਼ੀਲਤਾ ਬਾਰੇ ਗੱਲ ਕਰਦਿਆਂ, ਅਮਰੀਕੀ ਸੰਵਿਧਾਨ ਅਧੀਨ ਯੂਟਾ ਸਟੇਟ ਵਿਚ ਧਾਰਮਿਕ ਬਰਾਬਰਤਾ, ਤੇ ਸਹਿਣਸ਼ੀਲਤਾ ਅਤੇ ਸੱਭਿਆਚਾਰਕ ਸਾਂਝ ਦਾ ਹਵਾਲਾ ਦਿੰਦਿਆਂ ਯੂਟਾ ਸਟੇਟ ਵਲੋਂ ਸਿਖਾਂ ਵਲੋਂ ਹਰ ਖੇਤਰ ਵਿਚ ਪਾਏ ਯੋਗਦਾਨ ਨੂੰ ਸਰਾਹੁੰਦਿਆਂ 14 ਅਪ੍ਰੈਲ ਨੂੰ ਸਿੱਖ ਡੇ ਵਜੋਂ ਮਾਨਤਾ ਦਿਤੀ ਗਈ ਹੈ ।
ਇਸ ਸਬੰਧੀ ਹੋਏ ਵਿਸ਼ੇਸ ਪ੍ਰੋਗਰਾਮ ਦੀ ਸ਼ੁਰੂਆਤ ਪ੍ਰਤੀਨਿਧੀ ਐਂਜਲਾ ਰੋਮੇਰੋ ਨੇ ਕੀਤੀ ਅਤੇ ਸਾਰਿਆਂ ਨੂੰ ਜੀ ਆਇਆਂ ਨੂੰ ਕਿਹਾ। ਸਟੇਟ ਸੈਨੇਟਰ ਲੂਜ਼ ਐਸਕੈਮਿਲਾ ਨੇ ਵਿਧਾਨ ਸਭਾ ਵਿਚ ਸਾਂਝਾ ਮਤਾ ਪੇਸ਼ ਕੀਤਾ। ਪ੍ਰਤੀਨਿਧੀ ਚੇਰੀਲ ਐਕਟੇਨ ਨੇ ਗਵਰਨਰ ਵਲੋਂ ਐਲਾਨ ਦਾ ਘੋਸ਼ਣਾ ਪੱਤਰ ਜਾਰੀ ਕੀਤਾ। ਵਰਲਡ ਸਿੱਖ ਪਾਰਲੀਮੈਂਟ ਦੇ ਕੋਆਰਡੀਨੇਟਰ ਹਿੰਮਤ ਸਿੰਘ ਨੇ ਯੂਟਾ ਸਟੇਟ ਦੇ ਗਵਰਨਰ ਅਤੇ ਸਾਰੇ ਪ੍ਰਤੀਨਿਧੀਆਂ ਦਾ ਧੰਨਵਾਦ ਕੀਤਾ। ਅਤੇ ਅੰਤ ਵਿਚ ਪ੍ਰਤੀਨਿਧੀ ਰੋਮੇਰੋ ਨੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਵਿਚ ਸਹਿਯੋਗ ਦੇਣ ਲਈ ਖੁਸ਼ੀ ਦਾ ਇਜਹਾਰ ਕੀਤਾ।
ਸਮਾਗਮ ਵਿਚ ਖਾਸ ਤੌਰ ਤੇ ਸ਼ਾਮਿਲ ਹੋਣ ਵਾਲਿਆਂ ਵਿਚ: ਅਮਰੀਕੀ ਸੈਨੇਟਰ ਮਾਈਕ ਲੀ; ਸਾਲਟ ਲੇਕ ਕਾਉਂਟੀ ਰਿਪਬਲਿਕਨ ਪਾਰਟੀ ਦੇ ਚੇਅਰਮੈਨ ਕ੍ਰਿਸ ਨੱਲ; ਯੂਟਾ ਸਟੇਟ ਦੇ ਪ੍ਰਤੀਨਿਧੀ ਟਿਮ ਜਿਮੇਨੇਜ਼, ਜੂਡੀ ਵੀਕਸ ਰਹੋਨੇਰ, ਕੁਇਨ ਕੋਟਰ, ਐਂਥੋਨੀ ਲੁਬੇਟ; ਯੂਟਾ ਕਾਂਗਰਸਮੈਨ ਬੁਰਗੇਸ ਓਵੇਨਸ; ਵੇਸ੍ਟ ਜਾਰਡਨ ਦੇ ਮੇਅਰ ਡਰ੍ਕ ਬਰਟਨ; ਯੂਟਾ ਸਟੇਟ ਰਿਪਬਲਿਕਨ ਚੇਅਰਮੈਨ ਰਾਬਰਟ ਐਕਸਨ; ਯੂਟਾ ਸਟੇਟ ਸਕੂਲ ਬੋਰਡ ਤੋਂ ਕ੍ਰਿਸ੍ਟਿਨਾ ਬੋਗੇਸ; ਨਿਊ ਲੈਂਡਰਸ ਆਫ ਅਮਰੀਕਾ ਦੇ ਪ੍ਰਧਾਨ ਕਾਰਲੋਸ ਮੋਰੇਨੋ; ਯੂਟਾ ਕਾਉਂਟੀ ਕਮਿਸ਼ਨਰ ਅਮੇਲਿਆ ਪੋਵੈਰਸ ਗਾਰਡਨਰ; ਯੂਟਾ ਸਟੇਟ ਸੈਨੇਟਰ ਡੈਨ ਮੈਕੇ; ਰਿਵਰਟਨ ਸਿਟੀ ਕਾਉਂਸਿਲਵੂਮਨ ਟਾਵਨੀ ਮੈਕੇ; ਈਗਲਜ਼ ਫੋਰਮ ਤੋਂ ਵ੍ਹਾਈਟ ਕੁੱਕ; ਅਮੇਰਿਕਨ ਫ਼ਾਰ ਪ੍ਰੋਸਪੇਰਿਟੀ ਤੋਂ ਹਾਈਦੀ ਬਲਡਰੀ; ਯੂਨੀਫਾਈਡ ਪੁਲਿਸ ਡਿਪਾਰਟਮੈਂਟ ਤੋਂ ਸਾਰਜੰਟ ਨਿਕ ਰਾਬਰਟ (ਸ਼ੈਰਿਫ ਦੇ ਉਮੀਦਵਾਰ) ਸਮੇਤ ਅਮਰੀਕਾ ਅਤੇ ਯੂਟਾ ਸਟੇਟ ਦੇ ਸਿਰਕੱਢ ਪਾਲਿਟਿਕਲ ਲੀਡਰ ਸ਼ਾਮਿਲ ਸਨ।
ਵਰਲਡ ਸਿੱਖ ਪਾਰਲੀਮੈਂਟ ਦੁਆਰਾ ਯੂਟਾ ਸਟੇਟ ਅਤੇ ਹੋਰ ਸਟੇਟਾਂ ਵਿਚ ਸਿੱਖ ਕੌਮ ਦੇ ਇਨਾਂ ਮਹੱਤਵਪੂਰਨ ਕੰਮਾਂ ਨੂੰ ਅਗੇ ਵਧਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਚਾਰੇ ਪਾਸਿਓਂ ਭਰਪੂਰ ਸ਼ਲਾਘਾ ਹੋ ਰਹੀ ਹੈ, ਅਤੇ ਖਾਸ ਤੌਰ ਤੇ ਨੈਸ਼ਨਲ ਸਿੱਖ ਡੇ ਨੂੰ ਮਾਨਤਾ ਦਿਵਾਉਣ ਵਾਲੇ ਇਨ੍ਹਾਂ ਮਤਿਆਂ ਲਈ ਵਧਾਈਆਂ ਦੇਣ ਵਾਲਿਆਂ ਵਿਚਃ ਵਰਲਡ ਸਿੱਖ ਪਾਰਲੀਮੈਂਟ ਦੇ ਸਪੀਕਰ ਸ। ਜੋਗਾ ਸਿੰਘ; ਅਮਰੀਕਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾ: ਪ੍ਰਿਤਪਾਲ ਸਿੰਘ ਅਤੇ ਸ। ਜਸਵੰਤ ਸਿੰਘ ਹੋਠੀ; ਸਿੱਖ ਕੋਆਰਡੀਨੇਸ਼ਨ ਕਮੇਟੀ ਦੇ ਸ: ਹਰਜਿੰਦਰ ਸਿੰਘ ਅਤੇ ਸ। ਜੁਗਰਾਜ ਸਿੰਘ ਅਤੇ ਹੋਰ ਵੀ ਸਿੱਖ ਲੀਡਰਾਂ ਨੇ ਬਹੁਤ ਖੁਸ਼ੀ ਦਾ ਇਜਹਾਰ ਕੀਤਾ। ਇਸ ਕਾਰਜ ਨੂੰ ਨੇਪਰੇ ਚਾੜਨ ਅਤੇ ਸਮਾਗਮ ਵਿੱਚ ਵਰਲਡ ਸਿੱਖ ਪਾਰਲੀਮੈਂਟ ਦੇ ਕੋਆਰਡੀਨੇਟਰ ਹਿੰਮਤ ਸਿੰਘ ਅਤੇ ਸਕੱਤਰ ਬੀਬੀ ਹਰਮਨ ਕੌਰ ਨੇ ਭਰਪੂਰ ਯੋਗਦਾਨ ਪਾਇਆ। ਪ੍ਰੋਗਰਾਮ ਵਿੱਚ ਸਿੱਖ ਕਮਿਊਨਟੀ ਵਲੋਂ ਖਾਸ ਤੌਰ ਤੇ ਸ. ਹਰਜਿੰਦਰ ਸਿੰਘ, ਸ ਬਲਵਿੰਦਰ ਸਿੰਘ, ਸ. ਗੁਰਚਰਨਜੀਤ ਸਿੰਘ, ਸਿੱਖ ਗੁਰਦੁਆਰਾ ਨਾਨਕ ਦਰਬਾਰ ਵੇਸ੍ਟ ਜਾਰਡਨ ਦੇ ਪ੍ਰਧਾਨ ਗੁਰਮੀਤ ਸਿੰਘ, ਸ. ਬੂਟਾ ਸਿੰਘ, ਸ. ਅਰਸ਼ਦੀਪ ਸਿੰਘ, ਸ. ਜਰਮਲਜੀਤ ਸਿੰਘ, ਅਤੇ ਨਿਊਯਾਰ੍ਕ ਤੋਂ ਵਰਲਡ ਸਿੱਖ ਪਾਰਲੀਮੈਂਟ ਦੇ ਸ. ਬਲਜੀਤ ਸਿੰਘ ਸ਼ਾਮਿਲ ਹੋਏ।

# ਕੈਨੇਡੀਅਨ ਪੰਜਾਬੀ ਸਾਹਿਤ ਸਭਾ ਦੇ ਸਮਾਗ਼ਮ ਵਿੱਚ 'ਪੰਜਾਬੀ ਗੁਰਮੁੱਖੀ ਅਲਫਾਬੈਟ' ਕਿਤਾਬ ਉਪਰ ਹੋਈ ਚਰਚਾ







ਬਰੈਂਪਟਨ, (ਡਾ ਝੰਡ) – ਕੈਨੇਡੀਅਨ ਪੰਜਾਬੀ ਸਾਹਿੱਤ ਸਭਾ ਟੋਰਾਂਟੋ (ਰਜਿ।) ਵੱਲੋਂ ਆਪਣਾ ਮਹੀਨਾਵਾਰ ਸਮਾਗਮ ਇਥੋਂ ਦੇ 2250 ਬੋਵੇਡ ਡਰਾਈਵ ਸਥਿਤ ਇੱਕ ਹਾਲ ਵਿੱਚ ਕਰਵਾਇਆ ਗਿਆ ਜਿਸ ਵਿੱਚ ਸਾਹਿਤ ਨਾਲ ਜੁੜੀਆਂ ਨਾਮਵਰ ਸ਼ਖ਼ਸੀਅਤਾਂ ਵਲੋਂ ਸ਼ਿਰਕਤ ਕੀਤੀ ਗਈ। ਇਸ ਮੌਕੇ ਹਾਜ਼ਰ ਮੈਂਬਰਾਂ ਵੱਲੋਂ ਜਸਪਾਲ ਸਿੰਘ ਚੀਮਾ ਦੁਆਰਾ ਲਿਖੀ ਗਈ ਕਿਤਾਬ 'ਪੰਜਾਬੀ ਗੁਰਮੁੱਖੀ ਅਲਫਾਬੈਂਟ' ਉੱਪਰ ਚਰਚਾ ਕੀਤੀ ਗਈ ਅਤੇ ਪੰਜਾਬੀ ਦੇ ਮਰਹੂਮ ਲੋਕ ਕਵੀ ਸੰਤ ਰਾਮ ਉਦਾਸੀ ਦੀ ਬਰਸੀ ਮੌਕੇ ਉਨ੍ਹਾਂ ਨੂੰ ਯਾਦ ਕਰਦਿਆਂ ਹੋਇਆਂ ਭਾਵਪੂਰਤ ਸ਼ਰਧਾਂਜਲੀ ਪੇਸ਼ ਕੀਤੀ ਗਈ। ਸਮਾਗਮ ਦੇ ਦੂਸਰੇ ਅੱਧ ਵਿੱਚ ਆਏ ਕਵੀਆਂ ਵਲੋਂ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ ਗਈਆਂ।
ਸਮਾਗ਼ਮ ਦੀ ਪ੍ਰਧਾਨਗੀ ਸਭਾ ਦੇ ਸਰਪ੍ਰਸਤ ਬਲਰਾਜ ਚੀਮਾ, ਡਾ। ਦਵਿੰਦਰ ਸਿੰਘ ਲੱਧੜ, ਜਸਪਾਲ ਸਿੰਘ ਚੀਮਾ ਅਤੇ ਕਹਾਣੀਕਾਰਾ ਰਸ਼ਪਾਲ ਕੌਰ ਗਿੱਲ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ। ਆਏ ਮਹਿਮਾਨਾਂ ਨੂੰ 'ਜੀ ਆਇਆਂ' ਸਭਾ ਦੇ ਚੇਅਰਮੈਨ ਕਰਨ ਅਜਾਇਬ ਸਿੰਘ ਸੰਘਾ ਵੱਲੋਂ ਕਿਹਾ ਗਿਆ। ਇਸ ਸਮਾਗ਼ਮ ਦੇ ਪਹਿਲੇ ਭਾਗ ਦਾ ਸੰਚਲਨ ਤਲਵਿੰਦਰ ਸਿੰਘ ਮੰਡ ਵੱਲੋਂ ਕੀਤਾ ਗਿਆ ਅਤੇ ਦੂਸਰੇ ਭਾਗ ਦੀ ਸਟੇਜ ਦੀ ਜ਼ਿੰਮੇਵਾਰੀ ਪਰਮਜੀਤ ਸਿੰਘ ਢਿੱਲੋਂ ਵੱਲੋਂ ਬਾਖ਼ੂਬੀ ਨਿਭਾਈ ਗਈ।
ਇਸ ਮੌਕੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਜਸਪਾਲ ਸਿੰਘ ਚੀਮਾ ਨੇ ਆਪਣੀ ਕਿਤਾਬ ਉੱਪਰ ਬੋਲਦਿਆਂ ਦੱਸਿਆ ਕਿ ਇਹ ਕਿਤਾਬ ਉਨ੍ਹਾਂ ਦੀ ਜ਼ਿੰਦਗੀ ਦਾ ਇੱਕ ਸੁਪਨਾ ਸੀ ਜੋ ਅੱਜ ਪੂਰਾ ਹੋਇਆ ਹੈ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਇਹ ਕਿਤਾਬ ਕੈਨੇਡਾ ਵਿੱਚ ਜੰਮੇ-ਪਲ਼ੇ ਬੱਚਿਆਂ ਨੂੰ ਪੰਜਾਬੀ ਭਾਸ਼ਾ ਨੂੰ ਸਿੱਖਣ ਵਿੱਚ ਬਹੁਤ ਸਹਾਈ ਸਿੱਧ ਹੋ ਰਹੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਕਿਤਾਬ ਨੂੰ ਪੂਰਾ ਹੋਣ ਵਿੱਚ ਉਨ੍ਹਾਂ ਦੇ ਕਈ ਸਾਲ ਲੱਗ ਗਏ ਅਤੇ ਇਸ ਨੂੰ ਮੁਕੰਮਲ ਕਰਨ ਵਿੱਚ ਕਈ ਸੁਹਿਰਦ ਸੱਜਣਾਂ ਦਾ ਯੋਗਦਾਨ ਰਿਹਾ ਹੈ। ਜਸਪਾਲ ਚੀਮਾ ਬਾਰੇ ਗੱਲ ਕਰਦਿਆਂ ਬਲਰਾਜ ਚੀਮਾ ਨੇ ਦੱਸਿਆ ਕਿ ਜਸਪਾਲ ਇੱਕ ਮਿਹਨਤੀ ਅਤੇ ਸਿਰੜੀ ਇਨਸਾਨ ਹੈ ਉਦ ਦੀ ਅਣਥੱਕ ਮਿਹਨਤ ਸਕਦਾ ਹੀ ਇਹ ਕਿਤਾਬ ਵਜੂਦ ਵਿੱਚ ਆ ਸਕੀ ਅਤੇ ਜਿਸ ਦਾ ਫਾਇਦਾ ਬੱਚਿਆਂ ਨੂੰ ਪੰਜਾਬੀ ਸਿੱਖਣ ਵਿੱਚ ਹੋ ਰਿਹਾ ਹੈ। ਜਸਪਾਲ ਸਿੰਘ ਚੀਮਾ ਕਿੱਤੇ ਵਜੋਂ ਕੈਨੇਡਾ ਸਰਕਾਰ ਦੇ ਅੰਕੜਾ ਵਿਭਾਗ ਵਿੱਚ ਕਰਮਚਾਰੀ ਹੈ।
ਪੰਜਾਬੀ ਦੇ ਮਰਹੂਮ ਲੋਕ ਕਵੀ ਸੰਤ ਰਾਮ ਉਦਾਸੀ ਨੂੰ ਸ਼ਰਧਾਂਜਲੀ ਪੇਸ਼ ਕਰਦਿਆਂ ਸਭਾ ਦੇ ਨੌਜਵਾਨ ਮੈਂਬਰ ਸੰਜੀਵ ਕਾਫ਼ਰ ਨੇ ਕਿਹਾ ਕਿ ਸੰਤ ਰਾਮ ਉਦਾਸੀ ਦੀ ਇਹੀ ਪਛਾਣ ਨਹੀਂ ਹੈ ਕਿ ਉਹ ਨਕਸਲੀ ਦੌਰ ਦਾ ਕਵੀ ਹੈ, ਸਗੋਂ ਉਸ ਦੇ ਪੁਰਖਿਆਂ ਦਾ ਸੰਬੰਧ ਗੁਰੂ ਗੋਬਿੰਦ ਸਿੰਘ ਦੇ ਜੰਗਾਂ ਤੋਂ ਲੈ ਕੇ ਮਿਸਲਾਂ ਦੇ ਰਾਜ ਤੱਕ ਜਾ ਜੁੜਦਾ ਹੈ। ਉਸ ਦੀ ਕਵਿਤਾ ਜਿੱਥੇ ਕੰਮੀਆਂ, ਮਿਹਨਤਕਸ਼ਾਂ ਅਤੇ ਕਿਸਾਨਾਂ ਦੀ ਬਾਤ ਪਾਉਂਦੀ ਹੈ, ਉੱਥੇ ਉਸ ਦੀ ਕਲਮ ਨੇ ਬਾਅਦ ਦੇ ਦੌਰ ਵਿੱਚ ਖ਼ੂਬਸੂਰਤ ਧਾਰਮਿਕ ਕਵਿਤਾਵਾਂ ਵੀ ਪੰਜਾਬੀ ਸਾਹਿੱਤ ਜਗਤ ਦੀ ਝੋਲ਼ੀ ਪਾਈਆਂ ਹਨ। ਉਦਾਸੀ ਦੀ ਲੰਮੇਂ ਤੇ ਉੱਚੇ ਸੁਰ ਵਿੱਚ ਗਾਈਆਂ ਆਪਣੀ ਰਚਨਾਵਾਂ ਲੰਬੇ ਸਮੇਂ ਤੱਕ ਲੋਕ ਮਨਾਂ ਅੰਦਰ ਗੂੰਜਦੀਆਂ ਰਹਿਣਗੀਆਂ।
ਇਸ ਚਰਚਾ ਵਿੱਚ ਭਾਗ ਲੈਣ ਵਾਲਿਆਂ ਵਿੱਚ ਇੰਦਰਦੀਪ ਸਿੰਘ, ਮਲੂਕ ਸਿੰਘ ਕਾਹਲੋਂ, ਮੈਡਮ ਰਸ਼ਪਾਲ ਕੌਰ ਗਿੱਲ ਅਤੇ ਬਲਰਾਜ ਚੀਮਾ ਆਦਿ ਸ਼ਾਮਲ ਸਨ।
ਸਮਾਗ਼ਮ ਦੇ ਦੂਸਰੇ ਭਾਗ ਵਿੱਚ ਹਾਜ਼ਰ ਕਵੀਆਂ ਵੱਲੋਂ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ ਗਈਆਂ। ਕਵੀ ਦਰਬਾਰ ਦੀ ਖਿੱਚ ਹਰਮੇਸ਼ ਜੀਂਦੋਵਾਲ ਵੱਲੋਂ ਖ਼ੂਬਸੂਰਤ ਤਰੰਨਮ ਵਿੱਚ ਗਾ ਕੇ ਪੇਸ਼ ਕੀਤੀ ਸੰਤ ਰਾਮ ਉਦਾਸੀ ਦੀ ਧਾਰਮਿਕ ਰਚਨਾ ਸੀ। ਹੋਰ ਕਵੀਜਨਾ ਜਿਨ੍ਹਾਂ ਨੇ ਇਸ ਸਮਾਗ਼ਮ ਵਿੱਚ ਭਾਗ ਲਿਆ ਉਨ੍ਹਾਂ ਵਿੱਚ ਪਾਕਿਸਤਾਨੀ ਕਵਿੱਤਰੀ ਨਾਬੀਲਾ, ਗੁਰਦੇਵ ਚੌਹਾਨ, ਜੱਸੀ ਭੁੱਲਰ,ਪੰਜਾਬ ਸਿੰਘ ਕਾਹਲੋਂ, ਮਕਸੂਦ ਚੌਧਰੀ, ਪਰਮਜੀਤ ਢਿੱਲੋਂ, ਤਲਵਿੰਦਰ ਮੰਡ, ਮਲੂਕ ਸਿੰਘ ਕਾਹਲੋਂ, ਅਜੀਤ ਅਖਬਾਰ ਜਲੰਧਰ ਦੇ ਪੱਤਰਕਾਰ ਹਰਜੀਤ ਬਾਜਵਾ, ਇੰਜੀਨੀਅਰ ਈਸ਼ਰ ਸਿੰਘ, ਨੌਜਵਾਨ ਕਵਿੱਤਰੀ ਔਲਖ, ਰੂਬੀ ਕਰਤਾਰਪੁਰੀ, ਪਰਮਜੀਤ ਗਿੱਲ, ਹਰਜਸਪ੍ਰੀਤ ਗਿੱਲ ਅਤੇ ਜਗਦੇਵ ਸਿੰਘ ਸਿੱਧੂ ਆਦਿ ਸ਼ਾਮਲ ਸਨ।



# ਲਗਭਗ 25 ਸਾਲਾਂ ਤੋਂ ਪਾਣੀ ਨੂੰ ਤਰਸ ਰਹੇ ਲੋਕਾਂ ਲਈ ਡਾ.ਨਿੱਜਰ ਮਸੀਹਾ ਸਾਬਤ ਹੋਏ: ਓਐਸਡੀ ਮਨਪ੍ਰੀਤ ਸਿੰਘ

ਅੰਮ੍ਰਿਤਸਰ, 19 ਅਪ੍ਰੈਲ (ਪੋਸਟ ਬਿਊਰੋ): ਡਾ. ਇੰਦਰਬੀਰ ਸਿੰਘ ਨਿੱਜਰ, ਮੰਤਰੀ ਸਥਾਨਕ ਸਰਕਾਰਾਂ ਦੇ ਯਤਨਾਂ ਸਦਕਾ ਅੱਜ ਹਲਕਾ ਦੱਖਣੀ ਅਧੀਂਨ ਪੈਂਦੇ ਏਰੀਆ ਰਾਧਾ ਕ੍ਰਿਸ਼ਨ ਕਾਲੋਨੀ ਨਜਦੀਕ ਭਗਤਾਂ ਵਾਲਾ ਦਾਣਾ ਮੰਡੀ ਵਿਖੇ ਲਗਭਗ 25 ਸਾਲਾਂ ਤੋਂ ਸਰਕਾਰੀ ਪਾਣੀ ਨੂੰ ਤਰਸ ਰਹੇ ਲੋਕਾਂ ਲਈ ਡਾ। ਇੰਦਰਬੀਰ ਸਿੰਘ ਨਿੱਜਰ ਮਸੀਹਾ ਸਾਬਤ ਹੋਏ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਡਾ। ਇੰਦਰਬੀਰ ਸਿੰਘ ਨਿੱਜਰ, ਮੰਤਰੀ ਸਥਾਨਕ ਸਰਕਾਰਾਂ ਦੇ ਓ।ਐਸ।ਡੀ। ਮਨਪ੍ਰੀਤ ਸਿੰਘ ਨੇ ਕੀਤਾ। ਓਐਸਡੀ ਨੇ ਦੱਸਿਆ ਕਿ ਪਿਛਲੇ ਸਮੇਂ ਵਿੱਚ ਸਰਕਾਰਾਂ ਨੇ ਅੰਮ੍ਰਿਤਸਰ ਦੇ ਹਲਕਾ ਦੱਖਣੀ ਨੂੰ ਕੋਈ ਵੀ ਤਵੱਜੋ ਨਹੀਂ ਦਿੱਤੀ ਜਿਸ ਕਾਰਨ ਅੰਮ੍ਰਿਤਸਰ ਹਲਕਾ-ਦੱਖਣੀ ਮੁੱਢਲੀਆਂ ਸਹੂਲਤਾਂ ਤੋਂ ਹਮੇਸ਼ਾਂ ਸੱਖਣਾ ਰਿਹਾ ਹੈ।

ਪ੍ਰੰਤੂ ਹੁਣ ਡਾ. ਨਿੱਜਰ, ਮੰਤਰੀ ਸਥਾਨਕ ਸਰਕਾਰਾਂ ਦੁਆਰਾ ਹਲਕੇ ਦਾ ਸਰਵ ਪੱਖੀ ਵਿਕਾਸ ਕੀਤਾ ਜਾ ਰਿਹਾ ਹੈ। ਓਐਸਡੀ ਨੇ ਦੱਸਿਆ ਕਿ ਮੰਤਰੀ ਡਾ। ਨਿੱਜਰ ਦਿਨ-ਰਾਤ ਲੋਕ ਸੇਵਾ ਵਿੱਚ ਲੱਗੇ ਹੋਏ ਹਨ ਅਤੇ ਹਰ ਘਰ ਤੱਕ ਪੀਣ ਵਾਲਾ ਸਾਫ-ਸੁਥਰਾ ਪਾਣੀ ਪਹੁੰਚਾਉਣਾ ਉਹਨਾਂ ਦਾ ਮੁਖ ਉਦੇਸ਼ਾਂ ਵਿੱਚੋਂ ਇੱਕ ਹੈ ਜਿਸ ਦੇ ਤਹਿਤ ਹੀ ਡਾ। ਨਿੱਜਰ ਦੇ ਹੁਕਮਾਂ ਅਨੁਸਾਰ ਵਾਰਡ ਨੰਬਰ 65 ਰਾਧਾ ਕ੍ਰਿਸ਼ਨ ਕਾਲੋਨੀ ਦੇ ਵਸਨੀਕਾਂ ਦੀ ਮੁਸ਼ਕਿਲ ਨੂੰ ਹੱਲ ਕਰਨ ਲਈ ਇਹ ਟਿਊਬਵੈਲ ਬੋਰ ਕੀਤਾ ਜਾ ਰਿਹਾ ਹੈ ਜਿਸ ਤੇ ਅੰਦਾਜਨ ਖਰਚਾ 14 ਲੱਖ ਰੁਪਏ ਆਵੇਗਾ। ਇਸ ਮੌਕੇ ਤੇ ਇਲਾਕਾ ਨਿਵਾਸੀਆਂ ਨੇ ਡਾ। ਨਿੱਜਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੱਚ ਮੁੱਚ ਹੀ ਆਮ ਲੋਕਾਂ ਲਈ ਕੰਮ ਕਰ ਰਹੀ ਹੈ। ਇਸ ਮੌਕੇ ਤੇ ਡਾ। ਨਿੱਜਰ ਦੀ ਟੀਮ ਵੱਲੋਂ ਨਿਵੇਕਲੀ ਪਹਿਲ ਕਰਦੇ ਹੋਏ ਇਸ ਟਿਊਬਵੈੱਲ ਬੋਰ ਨੂੰ ਸੂਰੂ ਕਰਨ ਦਾ ਸ਼ੁਭ ਆਰੰਭ ਵੀ ਇਸੇ ਹੀ ਇਲਾਕੇ ਦੇ ਇੱਕ ਬਜੁਰਗ ਆਮ ਆਦਮੀ ਸਵਰਨ ਸਿੰਘ ਪਾਸੋਂ ਕਰਵਾਇਆ ਗਿਆ ਜਿਸਦੀ ਲੋਕਾਂ ਨੇ ਬਹੁਤ ਹੀ ਸਰਾਹਣਾ ਕੀਤੀ। ਇਸ ਮੌਕੇ ਅਸ਼ੋਕ ਕੁਮਾਰ ਡੀ।ਐਸ।ਪੀ।, ਜਸਪਾਲ ਸਿੰਘ ਭੁੱਲਰ, ਸੰਜੀਵ ਕੁਮਾਰ, ਸੰਦੀਪ ਕੁਮਾਰ ਅਤੇ ਸਹੂੰ ਇਲਾਕਾ ਨਿਵਾਸੀ ਹਾਜਰ ਸਨ।



ਇਲਾਕੇ ਦੇ ਇੱਕ ਬਜੁਰਗ ਆਮ ਆਦਮੀ ਸਵਰਨ ਸਿੰਘ ਪਾਸੋਂ ਟਿਊਬਵੈੱਲ ਬੋਰ ਦਾ ਕੰਮ ਸ਼ੁਰੂ ਕਰਵਾਉਂਦੇ ਹੋਏ ਓਐਸਡੀ ਮਨਪ੍ਰੀਤ ਸਿੰਘ।






## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।












## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.









## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664


ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeep-kaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661



## ਲੜਕੇ ਦੀ ਲੋੜ

ਰਮਦਾਸੀਆ ਸਿੱਖ ਸੋਹਣੀ ਸੁਨੱਖੀ ਲੜਕੀ, ਕੱਦ 5 ਫੁੱਟ 7 ਇੰਚ, ਜਨਮ 1993, ਐੱਮ.ਟੈੱਕ, ਕੈਨੇਡਾ ਦੀ ਪੀ.ਆਰ., ਲਈ ਪ੍ਰੋਫੈਸ਼ਨਲੀ ਕੁਆਲੀਫਾਈਡ ਸਿੱਖ ਲੜਕੇ ਦੀ ਲੋੜ ਹੈ। ਲੜਕਾ ਪੀ.ਆਰ. ਹੋਣਾ ਚਾਹੀਦਾ ਹੈ ਅਤੇ ਕੈਨੇਡਾ ਵਿਚ ਕੰਮ ਕਰਦੇ ਲੜਕੇ ਨੂੰ ਪਹਿਲ ਦਿੱਤੀ ਜਾਵੇਗੀ। ਫੋਟੋ/ਬਾਇਓਡਾਟਾ sukhik0113@gmail.com ਉਤੇ ਭੇਜ ਸਕਦੇ ਹੋ। ਸੰਪਰਕ: +91 9868560322 ਜਾਂ 437 261 4061

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com






## ਲੜਕੇ ਦੀ ਲੋੜ

Saini Sikh family living in Ontario seeks suitable match for their beautiful daughter born in India and raised in Canada since 2005, 27-year-old, slim 5'3" tall has a bachelor degree and a good job. Boy should be Sikh, educated, living and working in Canada. Please contact on +1 (289) 707- 4366.

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

# ਰਿਸ਼ਵਤ ਲੈਣ ਦੇ ਦੋਸ਼ ਹੇਠ ਮਾਲ ਪਟਵਾਰੀ ਅਤੇ ਉਸ ਦੇ ਸਾਥੀ ਖਿਲਾਫ ਵਿਜੀਲੈਂਸ ਵੱਲੋਂ ਕੇਸ ਦਰਜ

* ਮੁਲਜ਼ਮ ਪਹਿਲੀ ਕਿਸ਼ਤ ਵਜੋਂ 5000 ਰੁਪਏ ਰਿਸ਼ਵਤ ਕਰ ਚੁੱਕੇ ਸਨ ਵਸੂਲ



ਚੰਡੀਗੜ, 19 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਤਹਿਤ ਬੁੱਧਵਾਰ ਨੂੰ ਜ਼ਿਲਾ ਲੁਧਿਆਣਾ ਦੀ ਤਹਿਸੀਲ ਸਾਹ-ਨੇਵਾਲ ਦੇ ਪਿੰਡ ਧਰੌੜ ਵਿਖੇ ਤਾਇਨਾਤ ਮਾਲ ਪਟਵਾਰੀ ਅਮਨਪ੍ਰੀਤ ਸਿੰਘ ਅਤੇ ਉਸ ਦੇ ਨਿੱਜੀ ਸਾਥੀ ਇੰਦਰਜੀਤ ਸਿੰਘ ਵਿਰੁੱਧ 7000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਮੁਕੱਦਮਾ ਦਰਜ ਕੀਤਾ ਹੈ। ਇਸ ਕੇਸ ਵਿੱਚ ਇੰਦਰਜੀਤ ਸਿੰਘ ਨੂੰ ਰੰਗੇ ਹੱਥੀਂ ਕਾਬੂ ਕਰ ਲਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਪਿੰਡ ਨੰਦਪੁਰ, ਤਹਿਸੀਲ ਸਾਹਨੇਵਾਲ ਦੇ ਵਸਨੀਕ ਸਰਬਜੀਤ ਭਾਟੀਆ ਦੀ ਸ਼ਿਕਾਇਤ 'ਤੇ ਉਕਤ ਦੋਵਾਂ ਦੋਸ਼ੀਆਂ ਖਿਲਾਫ ਇਹ ਕੇਸ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਕਤ ਪਟਵਾਰੀ ਅਤੇ ਉਸ ਦਾ ਨਿੱਜੀ ਸਾਥੀ ਉਸ ਦੀ ਨਵੀਂ ਕਲੋਨੀ ਨਾਲ ਸਬੰਧਤ ਰਿਪੋਰਟ ਸੇਣ ਬਦਲੇ 20,000 ਰੁਪਏ ਦੀ ਮੰਗ ਰਹੇ ਹਨ ਤਾਂ ਜੋ ਜਮੀਨ ਦੀ ਵਰਤੋਂ ਸਬੰਧੀ ਤਬਾਦਲਾ ਅਤੇ ਇਤਰਾਜ਼ਹੀਣਤਾ ਸਰਟੀਫੀਕੇਟ ਹਾਸਲ ਕੀਤਾ ਜਾ ਸਕੇ। ਬੁਲਾਰੇ ਨੇ ਅੱਗੇ ਦੱਸਿਆ ਕਿ ਸੌਦਾ 12,000 ਰੁਪਏ ਵਿੱਚ ਤੈਅ ਹੋਇਆ। ਮੁਲਜਮਾਂ ਨੇ ਸ਼ਿਕਾਇਤਕਰਤਾ ਤੋਂ ਰਿਸ਼ਵਤ ਦੀ ਪਹਿਲੀ ਕਿਸ਼ਤ ਵਜੋਂ 5000 ਰੁਪਏ ਪਹਿਲਾਂ ਹੀ ਲੈ ਲਏ ਹਨ ਅਤੇ ਦੋਸ਼ੀਆਂ ਵੱਲੋਂ ਬਕਾਇਆ ਰਕਮ ਦੀ ਮੰਗ ਕੀਤੀ ਜਾ ਰਹੀ ਹੈ।

ਪ੍ਰਾਪਤ ਇਤਲਾਹ ਦੀ ਬਾਰੀਕੀ ਨਾਲ ਪੜਤਾਲ ਕਰਨ ਉਪਰੰਤ ਲੁਧਿਆਣਾ ਰੇਂਜ ਦੀ ਵਿਜੀਲੈਂਸ ਟੀਮ ਨੇ ਉਕਤ ਪਟਵਾਰੀ ਦੇ ਸਾਥੀ ਇੰਦਰਜੀਤ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਦੂਜੀ ਕਿਸ਼ਤ ਵਜੋਂ 7,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਕਾਬੂ ਕਰ ਲਿਆ। ਦੋਸ਼ੀ ਪਟਵਾਰੀ ਆਪਣੇ ਦਫਤਰ 'ਚ ਮੌਜੂਦ ਨਹੀਂ ਸੀ ਅਤੇ ਉਸਨੂੰ ਜਲਦ ਤੋਂ ਜਲਦ ਗਿਰਫਤਾਰ ਕਰਨ ਹੀ ਟੀਮਾਂ ਬਣਾਈਆਂ ਗਈਆਂ ਹਨ।

ਬੁਲਾਰੇ ਨੇ ਦੱਸਿਆ ਕਿ ਦੋਵਾਂ ਦੋਸ਼ੀਆਂ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7 ਅਤੇ 7ਏ ਅਤੇ ਆਈ।ਪੀ।ਸੀ ਦੀ ਧਾਰਾ 120ਬੀ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਲੁਧਿਆਣਾ ਰੇਂਜ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਗਿਰਫਤਾਰ ਕੀਤੇ ਗਏ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮੁਕੱਦਮੇ ਦੀ ਅਗਲੇਰੀ ਪੁੱਛਗਿੱਛ ਜਾਰੀ ਹੈ।

# ਚੀਨ ਦੇ ਹਸਪਤਾਲ 'ਚ ਲੱਗੀ ਭਿਆਨਕ ਅੱਗ, ਜਾਨ ਬਚਾਉਣ ਲਈ ਖਿੜਕੀ 'ਤੇ ਲਟਕੇ ਲੋਕ




ਬੀਜਿੰਗ, 19 ਅਪ੍ਰੈਲ (ਪੋਸਟ ਬਿਊਰੋ):ਚੀਨ ਦੀ ਰਾਜਧਾਨੀ ਬੀਜਿੰਗ ਦੇ ਇੱਕ ਹਸਪਤਾਲ ਵਿੱਚ ਭਿਆਨਕ ਅੱਗ ਲੱਗਣ ਕਾਰਨ 29 ਲੋਕਾਂ ਦੀ ਦਰਦਨਾਕ ਮੌਤ ਹੋ ਗਈ ਹੈ। ਭਿਆਨਕ ਅੱਗ ਦਾ ਦ੍ਰਿਸ਼ ਬਹੁਤ ਹੀ ਡਰਾਉਣਾ ਸੀ। ਅੱਗ ਦੀਆਂ ਲਪਟਾਂ ਅਤੇ ਧੂੰਏਂ ਦੇ ਗੁਬਾਰ ਦੂਰ-ਦੂਰ ਤੱਕ ਦੇਖੇ ਜਾ ਸਕਦੇ ਸਨ। ਕੁਝ ਲੋਕ ਅੱਗ ਤੋਂ ਬਚਣ ਲਈ ਏਸੀ 'ਤੇ ਖੜ੍ਹੇ ਹੋ ਗਏ ਜਦਕਿ ਕੁਝ ਨੇ ਛਾਲ ਮਾਰਨੀ ਸ਼ੁਰੂ ਕਰ ਦਿੱਤੀ। ਦੱਸ ਦੇਈਏ ਕਿ ਹੁਣ ਤੱਕ 71 ਲੋਕਾਂ ਨੂੰ ਬਚਾਇਆ ਜਾ ਚੁੱਕਾ ਹੈ।

ਮੀਡੀਆ ਰਿਪੋਰਟਾਂ ਮੁਤਾਬਕ ਇਹ ਘਟਨਾ ਬੀਜਿੰਗ ਦੇ ਚਾਂਗਫੇਂਗ ਹਸਪਤਾਲ ਦੀ ਹੈ। ਫਿਲਹਾਲ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਰਾਤ ਕਰੀਬ 12:57 ਵਜੇ ਚਾਂਗਫੇਂਗ ਹਸਪਤਾਲ 'ਚ ਅੱਗ ਲੱਗੀ। ਸੂਚਨਾ 'ਤੇ ਪਹੁੰਚੀ ਫਾਇਰ ਬ੍ਰਿਗੇਡ ਦੀ ਗੱਡੀ ਨੇ ਕਾਫੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ। ਦੱਸਿਆ ਜਾ ਰਿਹਾ ਹੈ ਕਿ ਅੱਗ ਇੰਨੀ ਤੇਜ਼ੀ ਨਾਲ ਫੈਲੀ ਕਿ ਇਸ ਨੇ ਹਸਪਤਾਲ ਦੇ ਪੂਰਬੀ ਵਿੰਗ ਨੂੰ ਆਪਣੀ ਲਪੇਟ 'ਚ ਲੈ ਲਿਆ। ਇਸ ਵਿੰਗ ਵਿੱਚ ਗੰਭੀਰ ਬਿਮਾਰੀਆਂ ਤੋਂ ਪੀੜਤ ਮਰੀਜਾਂ ਨੂੰ ਦਾਖ਼ਲ ਕਰਕੇ ਇਲਾਜ ਕੀਤਾ ਜਾਂਦਾ ਸੀ।

ਇਸ ਘਟਨਾ ਦਾ ਵੀਡੀਓ ਸੋਸ਼ਲ ਮੀਡੀਆ 'ਤੇ ਕਾਫੀ ਵਾਇਰਲ ਹੋ ਰਹੀ ਹੈ। ਵੀਡੀਓ 'ਚ ਦੇਖਿਆ ਜਾ ਸਕਦਾ ਹੈ ਕਿ ਕੁਝ ਲੋਕ ਅੱਗ ਤੋਂ ਬਚਣ ਲਈ ਚਾਦਰ ਦੀ ਮਦਦ ਨਾਲ ਛਾਲ ਮਾਰ ਰਹੇ ਹਨ। ਇਸ ਲਈ ਉੱਥੇ ਕੁਝ ਲੋਕ ਏਸੀ 'ਤੇ ਬੈਠੇ ਨਜ਼ਰ ਆਏ। ਸੋਸ਼ਲ ਮੀਡੀਆ 'ਤੇ ਇਕ ਯੂਜ਼ਰ ਨੇ ਲਿਖਿਆ ਕਿ ਇਹ ਦੁਖਦ ਹੈ। ਮੈਂ ਆਪਣੇ ਘਰ ਦੀ ਖਿੜਕੀ ਤੋਂ ਹਾਦਸੇ ਨੂੰ ਦੇਖ ਸਕਦਾ ਹਾਂ। ਦੁਪਹਿਰ ਵੇਲੇ ਕਈ ਲੋਕ ਏਅਰ ਕੰਡੀਸ਼ਨਿੰਗ ਯੂਨਿਟ 'ਤੇ ਖੜ੍ਹੇ ਸਨ ਅਤੇ ਉਨ੍ਹਾਂ 'ਚੋਂ ਕੁਝ ਨੇ ਤਾਂ ਆਪਣੀ ਜਾਨ ਬਚਾਉਣ ਲਈ ਹੇਠਾਂ ਛਾਲ ਵੀ ਮਾਰ ਦਿੱਤੀ।

# ਲੋਕ ਸੰਪਰਕ ਅਧਿਕਾਰੀ ਮਾਨ ਸਰਕਾਰ ਦੀਆਂ ਨਵੀਆਂ ਲੋਕ ਪੱਖੀ ਪਹਿਲਕਦਮੀਆਂ ਨੂੰ ਦ੍ਰਿੜਤਾ ਨਾਲ ਪ੍ਰਚਾਰਨ: ਜੌੜਾਮਾਜਰਾ

* ਲੋਕ ਸੰਪਰਕ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਦੀ ਕੀਤੀ ਪ੍ਰਧਾਨਗੀ, ਪ੍ਰਚਾਰ ਮੁਹਿੰਮਾਂ ਲਈ ਮਿੱਥੇ ਟੀਚੇ



ਚੰਡੀਗੜ, 19 ਅਪ੍ਰੈਲ (ਪੋਸਟ ਬਿਊਰੋ): ਮਹਿਜ਼ ਇੱਕ ਸਾਲ ਦਰਮਿਆਨ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਆਮ ਆਦਮੀ ਦੀ ਭਲਾਈ ਦੇ ਉਦੇਸ਼ ਨਾਲ ਕਈ ਨਵੀਆਂ ਪਹਿਲਕਦਮੀਆਂ ਨੂੰ ਲਾਗੂ ਕਰਕੇ ਇੱਕ ਨਵਾਂ ਰਿਕਾਰਡ ਕਾਇਮ ਕੀਤਾ ਹੈ। ਮੁੱਖ ਮੰਤਰੀ ਨੇ ਸੂਬੇ ਵਿੱਚ ਇੱਕ ਵੱਡੀ ਪ੍ਰਗਤੀਸ਼ੀਲ ਤਬਦੀਲੀ ਦਾ ਮੁੱਢ ਬੰਨਿਆ ਹੈ , ਜਿਸ ਤਹਿਤ 23 ਜ਼ਿਲਿਆਂ ਵਿੱਚ 117 ਸਕੂਲ ਆਫ ਐਮੀਨੈਂਸ, 500 ਆਮ ਆਦਮੀ ਕਲੀਨਿਕ, ਹਰੇਕ ਪਰਿਵਾਰ ਲਈ 300 ਯੂਨਿਟ ਪ੍ਰਤੀ ਮਹੀਨਾ ਮੁਫਤ ਬਿਜਲੀ ਵਰਗੇ ਨਵੇਕਲੇ ਉਪਰਾਲਿਆਂ ਨੇ ਲੋਕਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਲਿਆਉਣੇ ਸ਼ੁਰੂ ਕਰ ਦਿੱਤੇ ਹਨ, ਇਸ ਨੂੰ ਜ਼ਮੀਨੀ ਪੱਧਰ 'ਤੇ ਵੀ ਦੇਖਣ ਦੀ ਲੋੜ ਹੈ।

ਚੇਤਨ ਸਿੰਘ ਜੌੜਾਮਾਜਰਾ ਨੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਦਾ ਅਹੁਦਾ ਸੰਭਾਲਣ ਤੋਂ ਬਾਅਦ ਪਲੇਠੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਖਾਸ ਤੌਰ 'ਤੇ ਜ਼ਮੀਨੀ ਪੱਧਰ ਤੇ ਲੋਕਾਂ ਤੱਕ ਪਹੁੰਚਾਉਣ ਦੀ ਲੋੜ ਹੈ ਤਾਂ ਜੋ ਰਾਜ ਦੇ ਦੂਰ-ਦੁਰਾਡੇ ਵਾਲੇ ਇਲਾਕਿਆਂ ਤੱਕ ਵੀ ਸੂਚਨਾ ਦਾ ਪ੍ਰਸਾਰ ਸੁਚੱਜੇ ਢੰਗ ਨਾਲ ਕੀਤਾ ਜਾ ਸਕੇ। ।

ਵਿਭਾਗ ਨੂੰ ਹੋਰ ਵੀ ਜੋਸ਼ ਤੇ ਸਰਗਰਮੀ ਨਾਲ ਕੰਮ ਕਰਨ ਦੀ ਤਾਕੀਦ ਕਰਦੇ ਹੋਏ ਮੰਤਰੀ ਨੇ ਅਧਿਕਾਰੀਆਂ ਨੂੰ ਕਣਕ ਦੇ ਚੱਲ ਰਹੇ ਸੀਜ਼ਨ ਦੌਰਾਨ ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਭਰ 'ਚ ਉਪਲਬਧ ਕਰਾਏ ਕਿਸਾਨ ਪੱਖੀ ਬੁਨਿਆਦੀ ਢਾਂਚੇ ਤੋਂ ਇਲਾਵਾ ਕੁਝ ਹੋਰ ਅਹਿਮ ਪਹਿਲੂਆਂ 'ਤੇ ਕੇਂਦ੍ਰਿਤ ਇੱਕ ਸਕਾਰਾਤਮਕ ਪ੍ਰਚਾਰ ਮੁਹਿੰਮ ਨੂੰ ਲਾਗੂ ਕਰਨ ਦੀ ਅਪੀਲ ਕੀਤੀ। ਇਸ ਤੋਂ ਇਲਾਵਾ ਆਮ ਆਦਮੀ ਕਲੀਨਿਕਾਂ ਵਿੱਚ ਕੀਤੇ ਗਏ ਟੈਸਟਾਂ ਦੀ ਗਿਣਤੀ, ਬਾਗਬਾਨੀ ਅਤੇ ਸਾਬਕਾ ਸੈਨਿਕ ਭਲਾਈ ਦੇ ਖੇਤਰਾਂ ਵਿੱਚ ਹੋਰ ਭਲਾਈ ਸਕੀਮਾਂ ਦਾ ਪ੍ਰਚਾਰ ਪਸਾਰ ਵੀ ਸ਼ਾਮਲ ਹੈ ।

ਉਨਾਂ ਨੇ ਲੋਕ ਸੰਪਰਕ ਅਧਿਕਾਰੀਆਂ ਨੂੰ ਕਿਹਾ ਕਿ ਉਹ ਸਾਰੇ ਸੋਸ਼ਲ ਮੀਡੀਆ ਹੈਂਡਲਜ ਦੀ ਇੱਕ ਮਜ਼ਬੂਤ ਸਾਧਨ ਵਜੋਂ ਵਰਤੋਂ ਕਰਨ ਅਤੇ ਲੋਕਾਂ ਨੂੰ ਜ਼ਮੀਨੀ ਪੱਧਰ 'ਤੇ ਸੂਬਾ ਸਰਕਾਰ ਦੀਆਂ ਵੱਖ-ਵੱਖ ਪਹਿਲਕਦਮੀਆਂ ਅਤੇ ਹੋਰ ਵਿਕਾਸ ਕਾਰਜਾਂ ਬਾਰੇ ਪਹਿਲਾਂ ਨਾਲੋਂ ਵੀ ਤੇਜ਼ੀ ਨਾਲ ਜਾਣਕਾਰੀ ਪ੍ਰਸਾਰਿਤ ਕਰਨ ਨੂੰ ਯਕੀਨੀ ਬਣਾਉਣ।


# ਅਤੀਕ ਅਹਿਮਦ ਕਤਲ ਕੇਸ 'ਚ 5 ਪੁਲਸ ਮੁਲਾਜ਼ਮ ਮੁਅੱਤਲ

ਪ੍ਰਯਾਗਰਾਜ, 19 ਅਪ੍ਰੈਲ (ਪੋਸਟ ਬਿਊਰੋ): ਮਾਫੀਆ ਅਤੀਕ ਅਹਿਮਦ ਅਤੇ ਉਸ ਦੇ ਭਰਾ ਅਸ਼ਰਫ ਦੇ ਕਤਲ ਮਾਮਲੇ 'ਚ ਪੁਲਸ ਵਾਲਿਆਂ 'ਤੇ ਗਾਜ ਡਿੱਗੀ ਹੈ। ਅਤੀਕ ਦੀ ਸੁਰੱਖਿਆ 'ਚ ਲੱਗੇ 5 ਪੁਲਸ ਕਰਮਚਾਰੀਆਂ ਨੂੰ ਡਿਊਟੀ 'ਚ ਅਣਗਹਿਲੀ ਦੇ ਦੋਸ਼ 'ਚ ਮੁਅੱਤਲ ਕਰ ਦਿੱਤਾ ਗਿਆ ਹੈ। ਇਸ ਵਿੱਚ ਸ਼ਾਹਗੰਜ ਦੇ ਇੰਸਪੈਕਟਰ ਅਸ਼ਵਨੀ ਕੁਮਾਰ ਸਿੰਘ ਸਮੇਤ ਦੋ ਇੰਸਪੈਕਟਰਾਂ ਅਤੇ ਦੋ ਕਾਂਸਟੇਬਲਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ।

ਐੱਸਆਈਟੀ ਨੇ ਮੰਗਲਵਾਰ ਨੂੰ ਐੱਸਓ ਸਮੇਤ ਸਾਰੇ ਪੁਲਸ ਕਰਮਚਾਰੀਆਂ ਤੋਂ ਪੁੱਛਗਿੱਛ ਕੀਤੀ ਸੀ। ਜਿਸ ਤੋਂ ਬਾਅਦ ਐੱਸਆਈਟੀ ਦੀ ਰਿਪੋਰਟ ਦੇ ਆਧਾਰ 'ਤੇ ਇਹ ਕਾਰਵਾਈ ਕੀਤੀ ਗਈ ਹੈ। ਜ਼ਿਕਰਯੋਗ ਹੈ ਕਿ 15 ਅਪ੍ਰੈਲ ਨੂੰ ਪ੍ਰਯਾਗਰਾਜ 'ਚ ਮਾਫੀਆ-ਲੀਡਰ ਅਤੀਕ ਅਹਿਮਦ (60) ਅਤੇ ਉਸ ਦੇ ਭਰਾ ਅਸ਼ਰਫ ਨੂੰ ਤਿੰਨ ਹਮਲਾਵਰਾਂ ਨੇ ਉਸ ਸਮੇਂ ਗੋਲੀ ਮਾਰ ਦਿੱਤੀ ਸੀ, ਜਦੋਂ ਪੁਲਸ ਉਨ੍ਹਾਂ ਨੂੰ ਮੈਡੀਕਲ ਜਾਂਚ ਲਈ ਮੈਡੀਕਲ ਕਾਲਜ ਲੈ ਜਾ ਰਹੀ ਸੀ। ਪੱਤਰਕਾਰਾਂ ਦੇ ਭੇਸ ਵਿੱਚ ਆਏ ਤਿੰਨ ਹਮਲਾਵਰਾਂ ਨੇ ਅਤੀਕ ਅਤੇ ਉਸਦੇ ਭਰਾ ਨੂੰ ਨੇੜਿਓਂ ਗੋਲੀ ਮਾਰ ਦਿੱਤੀ ਜਦੋਂ ਉਹ ਪੁਲਿਸ ਮੁਲਾਜ਼ਮਾਂ ਨਾਲ ਘਿਰੇ ਮੀਡੀਆ ਨਾਲ ਗੱਲ ਕਰ ਰਹੇ ਸਨ।



ਅਤੀਕ ਅਤੇ ਅਸ਼ਰਫ ਨੂੰ ਮਾਰਨ ਵਾਲੇ ਸ਼ੂਟਰਾਂ ਦੇ ਨਾਂ ਲਵਲੇਸ਼, ਸੰਨੀ ਅਤੇ ਅਰੁਣ ਹਨ। ਜਿਨ੍ਹਾਂ ਨੂੰ ਪੁਲਿਸ ਨੇ ਮੌਕੇ ਤੋਂ ਕਾਬੂ ਕਰ ਲਿਆ। ਬੁੱਧਵਾਰ ਨੂੰ ਸੀਜੇਐਮ ਅਦਾਲਤ ਨੇ ਉਨ੍ਹਾਂ ਨੂੰ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ। ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਦੀ ਤਰਫ਼ੋਂ ਸੀਜੇਐਮ ਅਦਾਲਤ ਵਿੱਚ ਅਰਜ਼ੀ ਦਾਇਰ ਕਰਕੇ 7 ਦਿਨਾਂ ਦੇ ਹਿਰਾਸਤੀ ਰਿਮਾਂਡ ਦੀ ਮੰਗ ਕੀਤੀ ਗਈ ਸੀ। ਹਾਲਾਂਕਿ ਸੀਜੇਐਮ ਅਦਾਲਤ ਨੇ ਤਿੰਨਾਂ ਮੁਲਜ਼ਮਾਂ ਦਾ ਚਾਰ ਦਿਨ ਦਾ ਹਿਰਾਸਤੀ ਰਿਮਾਂਡ ਮਨਜ਼ੂਰ ਕਰ ਲਿਆ ਹੈ। ਰਿਮਾਂਡ ਖਤਮ ਹੋਣ ਤੋਂ ਬਾਅਦ ਹੁਣ 23 ਅਪ੍ਰੈਲ ਨੂੰ ਪੁਲਸ ਮੁਲਜ਼ਮਾਂ ਨੂੰ ਅਦਾਲਤ 'ਚ ਪੇਸ਼ ਕਰੇਗੀ।




# ਆਬਾਦੀ ਦੇ ਮਾਮਲੇ 'ਚ ਭਾਰਤ ਨੇ ਚੀਨ ਨੂੰ ਪਛਾੜਿਆ, ਬਣਿਆ ਦੁਨੀਆਂ ਦਾ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼

ਯੂਐਨ, 19 ਅਪ੍ਰੈਲ (ਪੋਸਟ ਬਿਊਰੋ): ਸੰਯੁਕਤ ਰਾਸ਼ਟਰ ਦੇ ਅੰਕੜਿਆਂ ਮੁਤਾਬਕ ਭਾਰਤ ਦੀ ਆਬਾਦੀ 142.86 ਕਰੋੜ ਹੋ ਗਈ ਹੈ ਅਤੇ ਇਹ ਚੀਨ ਨੂੰ ਪਿੱਛੇ ਛੱਡ ਕੇ ਦੁਨੀਆ ਦਾ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼ ਬਣ ਗਿਆ ਹੈ। ਸੰਯੁਕਤ ਰਾਸ਼ਟਰ ਦੇ ਵਿਸ਼ਵ ਪਾਪੂਲੇਸ਼ਨ ਡੈਸ਼ਬੋਰਡ ਅਨੁਸ-ਾਰ ਚੀਨ ਦੀ ਆਬਾਦੀ 142.57 ਕਰੋੜ ਹੈ। ਸੰਯੁਕਤ ਰਾਸ਼ਟਰ ਆਬਾਦੀ ਫੰਡ (ਯੂਐਨਐਫਪੀਏ) ਦੀ ਇਕ ਨਵੀਂ ਰਿਪੋਰਟ ਅਨੁਸਾਰ ਭਾਰਤ ਦੀ 25 ਫੀਸਦੀ ਆਬਾਦੀ 0-14 (ਸਾਲ) ਦੀ ਉਮਰ ਵਰਗ ਵਿਚ, 18 ਫੀਸਦੀ 10 ਤੋਂ 19 ਸਾਲ ਦੀ ਉਮਰ ਵਰਗ ਵਿਚ, 26 ਫੀਸਦੀ 10 ਤੋਂ 24 ਉਮਰ ਵਰਗ ਵਿਚ ਅਤੇ 15 ਤੋਂ 64 ਸਾਲ ਦੀ ਉਮਰ ਸਮੂਹ ਵਿੱਚ 68 ਪ੍ਰਤੀਸ਼ਤ ਆਬਾਦੀ ਹੈ। ਆਬਾਦੀ ਦਾ ਹੋਰ ਸੱਤ ਪ੍ਰਤੀਸ਼ਤ 65 ਸਾਲ ਤੋਂ ਵੱਧ ਉਮਰ ਦੇ ਹਨ। ਵੱਖ-ਵੱਖ ਏਜੰਸੀਆਂ ਦੇ ਅਨੁਮਾਨਾਂ ਅਨੁਸਾਰ ਭਾਰਤ ਦੀ ਆਬਾਦੀ ਲਗਭਗ ਤਿੰਨ ਦਹਾਕਿਆਂ ਤੱਕ ਵਧਦੀ ਰਹਿਣ ਦੀ ਸੰਭਾਵਨਾ ਹੈ। ਇਹ ਈਵੈਂਟ 165 ਕਰੋੜ ਤੱਕ ਪਹੁੰਚਣ ਤੋਂ ਬਾਅਦ ਹੀ ਸ਼ੁਰੂ ਹੋਵੇਗਾ।



ਮਾਹਿਰਾਂ ਦੇ ਅਨੁਸਾਰ, ਭਾਰਤ ਦੀ ਜਨਸੰਖਿਆ ਇੱਕ ਰਾਜ ਤੋਂ ਦੂਜੇ ਰਾਜ ਵਿੱਚ ਵੱਖਰੀ ਹੈ। ਕੇਰਲਾ ਅਤੇ ਪੰਜਾਬ ਵਿੱਚ ਬਜ਼ੁਰਗਾਂ ਦੀ ਵੱਡੀ ਆਬਾਦੀ ਹੈ, ਜਦੋਂ ਕਿ ਬਿਹਾਰ ਅਤੇ ਉੱਤਰ ਪ੍ਰਦੇਸ਼ ਵਿੱਚ ਨੌਜਵਾਨਾਂ ਦੀ ਵੱਡੀ ਆਬਾਦੀ ਹੈ। ਸੰਯੁਕਤ ਰਾਸ਼ਟਰ ਆਬਾਦੀ ਫੰਡ ਭਾਰਤ ਦੀ ਪ੍ਰਤੀਨਿਧੀ ਅਤੇ ਭੂਟਾਨ ਦੀ 'ਕੰਟਰੀ ਡਾਇਰੈਕਟ' ਐਂਡਰੀਆ ਵੋਜਨਰ ਨੇ ਕਿਹਾ, "ਭਾਰਤ ਦੇ 1.4 ਬਿਲੀਅਨ ਲੋਕਾਂ ਨੂੰ 1.4 ਬਿਲੀਅਨ ਮੌਕਿਆਂ ਵਜੋਂ ਦੇਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ, "ਦੇਸ਼ ਦੀ 25.4 ਕਰੋੜ ਦੀ ਸਭ ਤੋਂ ਵੱਡੀ ਆਬਾਦੀ ਨੌਜਵਾਨਾਂ (15 ਤੋਂ 24 ਸਾਲ ਦੀ ਉਮਰ ਵਰਗ) ਹੈ। ਇਹ ਨਵੀਨਤਾ, ਨਵੀਂ ਸੋਚ ਅਤੇ ਟਿਕਾਊ ਹੱਲ ਦਾ ਸਰੋਤ ਹੋ ਸਕਦਾ ਹੈ।"

ਵੋਜਨਰ ਨੇ ਕਿਹਾ ਕਿ ਲਿੰਗਕ ਸਮਾਨ-ਤਾ, ਸਸ਼ਕਤੀਕਰਨ ਅਤੇ ਔਰਤਾਂ ਅਤੇ ਲੜਕੀਆਂ ਨੂੰ ਆਪਣੇ ਸਰੀਰ ਉੱਤੇ ਮਹੱਤਵਪੂਰਨ ਅਧਿਕਾਰਾਂ ਨੂੰ ਯਕੀਨੀ ਬਣਾਉਣਾ ਇੱਕ ਸਥਾਈ ਭਵਿੱਖ ਲਈ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਵਿਅਕਤੀਗਤ ਅਧਿਕਾਰਾਂ ਅਤੇ ਵਿਕਲਪਾਂ ਦਾ ਸਨਮਾਨ ਕੀਤਾ ਜਾਣਾ ਚਾਹੀਦਾ ਹੈ ਅਤੇ ਹਰ ਕੋਈ ਇਹ ਫੈਸਲਾ ਕਰਨ ਦੇ ਯੋਗ ਹੋਣਾ ਚਾਹੀਦਾ ਹੈ ਕਿ ਬੱਚੇ ਕਦੋਂ ਅਤੇ ਕਿੰਨੇ ਹਨ।

ਸੰਯੁਕਤ ਰਾਸ਼ਟਰ ਦੇ ਅਧਿਕਾਰੀ ਨੇ ਕਿਹਾ, "ਔਰਤਾਂ ਅਤੇ ਲੜਕੀਆਂ ਨੂੰ ਜਿਨਸੀ ਅਤੇ ਪ੍ਰਜਣਨ ਨੀਤੀਆਂ ਅਤੇ ਪ੍ਰੋਗਰਾਮਾਂ ਦੇ ਕੇਂਦਰ ਵਿੱਚ ਹੋਣਾ ਚਾਹੀਦਾ ਹੈ। ਸਾਰੇ ਲੋਕਾਂ ਦੇ ਅਧਿਕਾਰਾਂ, ਵਿਕਲਪਾਂ ਅਤੇ ਸਾਂਝੇ ਮੁੱਲਾਂ ਦਾ ਸੱਚਮੁੱਚ ਸਤਿਕਾਰ ਕਰਨ ਨਾਲ ਹੀ ਅਸੀਂ ਭਵਿੱਖ ਦੀਆਂ ਬੇਅੰਤ ਸੰਭਾਵਨਾਵਾਂ ਦਾ ਰਾਹ ਖੋਲ੍ਹ ਸਕਾਂਗੇ।

# ਐਫਸੀਆਰਏ ਦੇ ਉਲੰਘਣ ਮਾਮਲੇ ਵਿਚ ਲਈ ਆਕਸਫੈਮ ਅਤੇ ਹੋਰਾਂ ਵਿਰੁੱਧ ਐਫਆਈਆਰ ਦਰਜ

ਨਵੀਂ ਦਿੱਲੀ, 19 ਅਪ੍ਰੈਲ (ਪੋਸਟ ਬਿਊਰੋ): ਸੀਬੀਆਈ ਨੇ ਆਕਸਫੈਮ ਅਤੇ ਹੋਰਾਂ ਖ਼ਿਲਾਫ਼ ਐਫਆਈਆਰ ਦਰਜ ਕੀਤੀ ਹੈ। ਵਿਦੇਸ਼ੀ ਅੰਸ਼ਦਾਨ (ਰੈਗੂਲੇਸ਼ਨ) ਐਕਟ (ਐਫਸੀਆਰਏ) ਦੀ ਕਥਿਤ ਉਲੰਘਣਾ ਦਾ ਮਾਮਲਾ ਦਰਜ ਕੀਤਾ ਗਿਆ ਹੈ। ਐਫਆਈਆਰ ਵਿੱਚ ਦੋਸ਼ ਲਾਇਆ ਗਿਆ ਹੈ ਕਿ ਆਕਸਫੈਮ ਦੀ ਐਫਸੀਆਰਏ ਰਜਿਸਟ੍ਰੇਸ਼ਨ ਖਤਮ ਹੋ ਗਈ ਸੀ, ਪਰ ਇਸ ਨੇ ਫੰਡ ਟ੍ਰਾਂਸਫਰ ਕਰਨ ਲਈ ਹੋਰ ਰੂਟਾਂ ਦੀ ਵਰਤੋਂ ਕੀਤੀ ਸੀ।

ਦੱਸਿਆ ਜਾ ਰਿਹਾ ਹੈ ਕਿ ਕੇਂਦਰੀ ਗ੍ਰਹਿ ਮੰਤਰਾਲੇ ਦੀ ਸ਼ਿਕਾਇਤ ਦੇ ਆਧਾਰ 'ਤੇ ਸੀਬੀਆਈ ਨੇ ਆਕਸਫੈਮ ਇੰਡੀਆ ਅਤੇ ਇਸ ਦੇ ਅਹੁਦੇਦਾਰਾਂ ਖਿਲਾਫ ਐਫਆਈਆਰ ਵਿਦੇਸ਼ੀ ਅੰਸ਼ਦਾਨ (ਰੈਗੂਲੇਸ਼ਨ) ਐਕਟ ਦੀ ਕਥਿਤ ਉਲੰਘਣਾ ਲਈ ਐਫਆਈਆਰ ਦਰਜ ਕੀਤੀ ਗਈ ਹੈ। ਇਸ ਮਗਰੋਂ ਜਥੇਬੰਦੀ ਦੇ ਦਫ਼ਤਰ 'ਤੇ ਵੀ ਛਾਪੇਮਾਰੀ ਕੀਤੀ ਗਈ। ਇਸ ਨੇ ਦੋਸ਼ ਲਾਇਆ ਕਿ ਸੀਬੀਡੀਟੀ ਦੁਆਰਾ ਆਈਟੀ (ਇਨਕਮ ਟੈਕਸ) ਸਰਵੇਖਣ ਦੌਰਾਨ ਬਰਾਮਦ ਕੀਤੀਆਂ ਈਮੇਲਾਂ ਨੇ ਖੁਲਾਸਾ ਕੀਤਾ ਹੈ ਕਿ ਆਕਸਫੈਮ ਇੰਡੀਆ ਵਿਦੇਸ਼ੀ ਸਰਕਾਰਾਂ ਅਤੇ ਵਿਦੇਸ਼ੀ ਸੰਸਥਾਵਾਂ ਦੁਆਰਾ ਐਫਸੀਆਰਏ ਦੇ ਨਵੀਨੀਕਰਨ ਲਈ ਭਾਰਤ ਸਰਕਾਰ 'ਤੇ ਦਬਾਅ ਬਣਾਉਣ ਦੀ ਯੋਜਨਾ ਬਣਾ ਰਹੀ ਹੈ। ਆਕਸਫੈਮ ਇੰਡੀਆ ਨੇ ਆਪਣੇ ਵਿਦੇਸ਼ੀ ਭਾਈਵਾਲਾਂ ਜਿਵੇਂ ਕਿ ਆਕਸਫੈਮ ਆਸਟ੍ਰੇਲੀਆ ਅਤੇ ਆਕਸਫੈਮ ਗ੍ਰੇਟ ਬ੍ਰਿਟੇਨ ਤੋਂ ਕੁਝ ਗੈਰ ਸਰਕਾਰੀ ਸੰਗਠਨਾਂ ਨੂੰ ਫੰਡ ਦਿੱਤੇ ਹਨ ਅਤੇ ਪ੍ਰੋਜੈਕਟ ਨੂੰ ਨਿਯੰਤਰਿਤ ਕੀਤਾ ਹੈ। ਦੋਸ਼ ਲਗਾਇਆ ਗਿਆ ਹੈ ਕਿ ਸੀਬੀਡੀਟੀ ਦੁਆਰਾ ਆਈਟੀ ਸਰਵੇਖਣ ਦੌਰਾਨ ਮਿਲੇ ਈਮੇਲਾਂ ਤੋਂ, ਇਹ ਪ੍ਰਤੀਤ ਹੁੰਦਾ ਹੈ ਕਿ ਆਕਸਫੈਮ ਇੰਡੀਆ ਆਪਣੇ ਸਹਿਯੋਗੀਆਂ/ਕਰਮਚਾਰੀਆਂ ਦੁਆਰਾ ਕਮਿਸ਼ਨ ਦੇ ਰੂਪ ਵਿੱਚ ਸੈਂਟਰ ਫਾਰ ਪਾਲਿਸੀ ਰਿਸਰਚ (ਸੀਪੀਆਰ) ਨੂੰ ਫੰਡ ਪ੍ਰਦਾਨ ਕਰ ਰਹੀ ਹੈ। ਇਹ ਆਕਸਫੈਮ ਇੰਡੀਆ ਦੇ ਟੀਡੀਐਸ ਡੇਟਾ ਵਿੱਚ ਵੀ ਪ੍ਰਤੀਬਿੰਬਤ ਹੁੰਦਾ ਹੈ, ਜੋ ਕਿ ਵਿੱਤੀ ਸਾਲ 2019-20 ਵਿੱਚ ਸੀਪੀਆਰ ਨੂੰ 12.71 ਲੱਖ ਰੁਪਏ ਦਾ ਭੁਗਤਾਨ ਦਰਸਾਉਂਦਾ ਹੈ।

# ਪਾਕਿਸਤਾਨ ਵਿੱਚੋਂ ਬਹੁਕੌਮੀ ਕੰਪਨੀਆਂ ਨੂੰ ਭੱਜਣ ਲਈ ਮਜਬੂਰ, ਵਿੱਤੀ ਸੰਕਟ ਵਧਿਆ

ਇਸਲਾਮਾਬਾਦ, 19 ਅਪ੍ਰੈਲ (ਪੋਸਟ ਬਿਊਰੋ): ਵਿਦੇਸ਼ੀ ਮੁਦਰਾ ਸੰਕਟ ਵਿੱਚ ਘਿਰੇ ਪਾਕਿਸਤਾਨ ਵਿੱਚ ਬਹੁਕੌਮੀ ਕੰਪਨੀਆਂ ਇੱਥੋਂ ਦੀ ਸਰਕਾਰ ਅਤੇ ਸਟੇਟ ਬੈਂਕ ਆਫ਼ ਪਾਕਿਸਤਾਨ ਦੀਆਂ ਅਨਿਸ਼ਚਿਤ ਨੀਤੀਆਂ ਤੋਂ ਪ੍ਰੇਸ਼ਾਨ ਹਨ। ਇੱਕ ਰਿਪੋਰਟ ਦੇ ਅਨੁਸਾਰ, ਮੌਜੂਦਾ ਮਾਹੌਲ ਵਿੱਚ ਐਮਐਨਸੀਜ ਦੇ ਸੁਚਾਰੂ ਕੰਮਕਾਜ ਵਿੱਚ ਰੁਕਾਵਟ ਪਾਉਣ ਵਾਲੇ ਪ੍ਰਮੁੱਖ ਮੁੱਦਿਆਂ ਵਿੱਚੋਂ ਇੱਕ ਵਿਦੇਸ਼ੀ ਮੁਦਰਾ ਸੰਕਟ ਪ੍ਰਤੀ ਐਸਬੀਪੀ ਦੀ ਪਹੁੰਚ ਨਾਲ ਸਬੰਧਤ ਹੈ। ਪਿਛਲੇ ਕੁਝ ਮਹੀਨਿਆਂ ਦੌਰਾਨ, ਕਈ ਐਮਐਨਸੀਜ ਨੇ ਵੀ ਆਪਣੇ ਕਾਰੋਬਾਰਾਂ ਨੂੰ ਪ੍ਰਭਾਵਿਤ ਕਰਨ ਵਾਲੀਆਂ ਸੰਸਥਾਗਤ ਰੁਕਾਵਟਾਂ 'ਤੇ ਆਪਣੀ ਨਿਰਾਸ਼ਾ ਜ਼ਾਹਰ ਕੀਤੀ ਹੈ।

ਕੁਝ ਬਹੁਤ ਮਸ਼ਹੂਰ ਗਲੋਬਲ ਕੰਪਨੀਆਂ ਦੇਸ਼ ਵਿੱਚ ਆਪਣੇ ਸੰਚਾਲਨ ਨੂੰ ਬੰਦ ਕਰਨ ਬਾਰੇ ਵੀ ਸੋਚ ਰਹੀਆਂ ਹਨ। ਕਈ ਮਲਟੀਨੈਸ਼ਨਲ ਕੰਪਨੀਆਂ ਜਿਵੇਂ ਕਿ ਸੀਮੇਂਸ, ਪ੍ਰੋਕਟਰ ਐਂਡ ਗੈਂਬਲ, ਓਰੇਕਲ ਸਰਵਿਸਿਜ਼ ਪਾਕਿਸਤਾਨ, ਆਈਬੀਐਮ ਪਾਕਿ-ਸਤਾਨ, ਫੇਡਐਕਸ (ਜੈਰੀ ਗਰੁੱਪ ਆਫ ਕੰਪਨੀਜ਼), ਮੈਰੀਅਟ ਹੋਟਲਸ ਦੂਜੇ ਦੇਸ਼ਾਂ ਵਿੱਚ ਸ਼ਿਫਟ ਹੋਣ ਬਾਰੇ ਵਿਚਾਰ ਕਰ ਰਹੀਆਂ ਹਨ।

ਸੀਮੇਂਸ ਪਾਕਿਸਤਾਨ ਇੱਕ ਪ੍ਰਮੁੱਖ ਤਕਨਾਲੋਜੀ ਕੰਪਨੀ ਹੈ, ਜੋ ਕਿ ਪਾਕਿ-ਸਤਾਨ ਦੀ ਆਰਥਿਕਤਾ ਦੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵਾਲੀਆਂ ਕੰਪਨੀਆਂ ਵਿੱਚੋਂ ਇੱਕ ਹੈ। ਹਾਲਾਂਕਿ, ਪਾਕਿਸਤਾਨ ਸਰਕਾਰ ਅਤੇ ਐਸਬੀਪੀ ਦਾ ਰਵੱਈਆ ਕੰਪਨੀ ਨੂੰ ਦੇਸ਼ ਵਿੱਚ ਆਪਣੇ ਭਵਿੱਖ ਬਾਰੇ ਮੁੜ ਵਿਚਾਰ ਕਰਨ ਲਈ ਮਜਬੂਰ ਕਰ ਰਿਹਾ ਹੈ। ਕੰਪਨੀ ਦੇ ਕੁਝ ਅੰਦਰੂਨੀ ਸੂਤਰਾਂ ਦੇ ਅਨੁਸਾਰ, ਸਮੂਹ ਪਾਕਿ-ਸਤਾਨ ਵਿੱਚ ਆਪਣੇ ਸੰਚਾਲਨ/ਸਹੂਲਤਾਂ ਨੂੰ ਬੰਦ ਕਰਨ ਬਾਰੇ ਸਰਗਰਮੀ ਨਾਲ ਵਿਚਾਰ ਕਰ ਰਿਹਾ ਹੈ।



